World Punjabi News Network
WORLD PUNJABI ਪੰਜਾਬੀ | پنجابی NEWS
ਲੋਕ ਹਿੱਤ ਵਿੱਚ ਪੱਤਰਕਾਰੀ
@worldpunjabinews
@worldpunjabinewstv
@wpunjabinews
@worldpunjabinews
@worldpunjabinews



# ਅਯੁੱਧਿਆ ਜ਼ਮੀਨ ਖ਼ਰੀਦ: ਕਾਂਗਰਸ ਨੇ ਸੁਪਰੀਮ ਕੋਰਟ ਦੀ ਨਿਗਰਾਨੀ ਹੇਠ ਮੰਗੀ ਜਾਂਚ




ਨਵੀਂ ਦਿੱਲੀ/ਮੁੰਬਈ/ਲਖਨਊ ਰਾਮ ਮੰਦਰ ਟਰੱਸਟ ਵੱਲੋਂ ਖ਼ਰੀਦੀ ਜ਼ਮੀਨ ਦੇ ਮੁੱਦੇ ਉਤੇ ਵਿਵਾਦ ਉੱਭਰਨ ਤੋਂ ਬਾਅਦ ਕਾਂਗਰਸ ਨੇ ਮੰਗ ਕੀਤੀ ਹੈ ਕਿ ਸੁਪਰੀਮ ਕੋਰਟ ਇਸ ਮਾਮਲੇ ਦਾ ਨੋਟਿਸ ਲਏ ਅਤੇ ਆਪਣੀ ਨਿਗਰਾਨੀ ਹੇਠ ਜਾਂਚ ਕਰਵਾਏ। ਕਾਂਗਰਸ ਨੇ ਕਿਹਾ ਹੈ ਕਿ ਇਹ ਕਰੋੜਾਂ ਸ਼ਰਧਾਲੂਆਂ ਦੀ ਸ਼ਰਧਾ ਦਾ ਨਿਰਾ-ਦਰ ਕਰਨ ਦੇ ਬਰਾਬਰ ਹੈ। ਦੱਸਣਯੋਗ ਹੈ ਕਿ ਸ੍ਰੀ ਰਾਮ ਜਨਮਭੂਮੀ ਤੀਰਥ ਕਸ਼ੇਤਰ ਟਰੱਸਟ ਉਤੇ ਦੋਸ਼ ਲਾਏ ਗਏ ਹਨ ਕਿ ਉਨ੍ਹਾਂ ਮੰਦਰ ਲਈ ਉਹ ਜ਼ਮੀਨ 18.5 ਕਰੋੜ ਰੁਪਏ ਵਿਚ ਖ਼ਰੀਦੀ ਜੋ ਪਹਿਲਾਂ ਦੋ ਕਰੋੜ ਰੁਪਏ ਵਿਚ ਲਈ ਗਈ ਸੀ। ਪਰ ਟਰੱਸਟ ਨੇ ਵਿਰੋਧੀ ਧਿਰਾਂ ਵੱਲੋਂ ਲਾਏ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੂੰ ਖਾਰਜ ਕਰ ਦਿੱਤਾ ਹੈ। ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਸੰਜੈ ਸਿੰਘ ਨੇ ਐਤਵਾਰ ਦਾਅਵਾ ਕੀਤਾ ਕਿ ਪਹਿਲੀ ਖ਼ਰੀਦ ਲਈ ਸਟੈਂਪ ਪੇਪਰ ਸ਼ਾਮ 5.11 ਉਤੇ ਲਏ ਗਏ ਤੇ ਦੂਜੀ ਖ਼ਰੀਦ ਲਈ 5.22 ਉਤੇ ਲਏ ਗਏ। ਐਨੇ ਸਮੇਂ ਵਿਚ ਹੀ ਜ਼ਮੀਨ ਦਾ ਭਾਅ ਕਈ ਗੁਣਾ ਵਧ ਗਿਆ। ਸੰਜੈ ਨੇ ਇਸ ਮਾਮਲੇ ਦੀ ਜਾਂਚ ਸੀਬੀਆਈ ਜਾਂ ਈਡੀ ਕੋਲ ਕਰਵਾਉਣ ਦੀ ਮੰਗ ਕੀਤੀ। ਕਾਂਗਰਸ ਦੇ ਜਨਰਲ ਸਕੱਤਰ ਰਣਦੀਪ ਸੁਰਜੇਵਾਲਾ ਨੇ ਇਕ ਮੀਡੀਆ ਕਾਨਫਰੰਸ ਦੌਰਾਨ ਕਿਹਾ ਕਿ 'ਟਰੱਸਟ ਸੁਪਰੀਮ ਕੋਰਟ ਦੀਆਂ ਹਦਾਇਤਾਂ ਉਤੇ ਬਣਿਆ ਸੀ ਤੇ ਹੁਣ ਅਦਾਲਤ ਨੂੰ ਖ਼ੁਦ ਹੀ ਇਸ ਮਾਮਲੇ ਦਾ ਨੋਟਿਸ ਲੈ ਕੇ ਜਾਂਚ ਕਰਵਾਉਣੀ ਚਾਹੀਦੀ ਹੈ।' ਉਨ੍ਹਾਂ ਕਿਹਾ ਕਿ ਅਦਾਲਤ ਨੂੰ ਸਾਰੇ ਖਾਤਿਆਂ ਦਾ ਆਡਿਟ ਕਰਵਾਉਣਾ ਚਾਹੀਦਾ ਹੈ ਤੇ ਜ਼ਮੀਨ ਦੀ ਖ਼ਰੀਦ ਸਣੇ ਸਾਰੀ ਰਿਪੋਰਟ ਨੂੰ ਜਨਤਕ ਕਰਨਾ ਚਾਹੀਦਾ ਹੈ। ਕਾਂਗਰਸ ਆਗੂ ਨੇ ਨਾਲ ਹੀ ਕਿਹਾ ਕਿ ਨਿਰਮਾਣ ਕਾਰਜ ਨਹੀਂ ਰੁਕਣਾ ਚਾਹੀਦਾ ਪਰ ਦੋਸ਼ਾਂ ਦੀ ਜਾਂਚ ਹੋਣੀ ਚਾਹੀਦੀ ਹੈ ਕਿਉਂਕਿ ਇਹ ਕਰੋੜਾਂ ਰਾਮ ਭਗਤਾਂ ਦੀ ਆਸਥਾ ਦਾ ਮਾਮਲਾ ਹੈ। ਪ੍ਰਿਯੰਕਾ ਗਾਂਧੀ ਨੇ ਵੀ ਇਕ ਟਵੀਟ ਵਿਚ ਸੌਦੇ ਨਾਲ ਜੁੜੇ ਲੋਕਾਂ ਉਤੇ ਹੱਲਾ ਬੋਲਦਿਆਂ ਕਿਹਾ 'ਸ਼ਰਧਾ ਨਾਲ ਰਾਸ਼ੀ ਦੇਣ ਵਾਲਿਆਂ ਦਾ ਇਹ ਨਿਰਾ-ਦਰ ਹੈ।' ਕਾਂਗਰਸ ਆਗੂ ਨੇ ਕਿਹਾ ਕਿ ਕਰੋੜਾਂ ਲੋਕਾਂ ਨੇ ਰੱਬ ਦੇ ਨਾਂ ਉਤੇ ਆਪਣੀ ਸ਼ਰਧਾ ਤੇ ਸਮਰਪਣ ਨਾਲ ਰਾਸ਼ੀ ਦਿੱਤੀ ਹੈ ਤੇ ਇਸ ਵਿਚ ਭ੍ਰਿਸ਼ਟਾਚਾਰ ਕਰਨਾ ਪਾਪ ਹੈ। ਸਿਆਸੀ ਪਾਰਟੀ 'ਐੱਸਬੀਐੱਸਪੀ' ਦੇ ਮੁਖੀ ਓਮ ਪ੍ਰਕਾਸ਼ ਰਾਜਭਰ ਨੇ ਵੀ ਦੋਸ਼ ਲਾਇਆ ਕਿ ਭਾਜਪਾ ਤੇ ਆਰਐੱਸਐੱਸ ਨੇ ਰਾਮ ਮੰਦਰ ਨੂੰ 'ਵਪਾਰ ਦਾ ਸਾਧਨ' ਬਣਾ ਲਿਆ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਯੂਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੂੰ ਸਵਾਲ ਕੀਤਾ ਕਿ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਕਦੋਂ ਕੀਤੀ ਜਾਵੇਗੀ। ਸ਼ਿਵ ਸੈਨਾ ਆਗੂ ਸੰਜੈ ਰਾਊਤ ਨੇ ਟਰੱਸਟ ਨੂੰ ਸਵਾਲ ਕਰਦਿਆਂ ਕਿਹਾ ਕਿ ਜੇਕਰ ਆਸਥਾ ਦੇ ਨਾਂ ਉਤੇ ਇਕੱਠੇ ਕੀਤੇ ਗਏ ਪੈਸੇ ਦੀ ਦੁਰਵਰਤੋਂ ਕੀਤੀ ਗਈ ਹੈ ਤਾਂ ਸਪੱਸ਼ਟੀਕਰਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਰਾਮ ਮੰਦਰ ਨਿਰਮਾਣ ਆਮ ਲੋਕਾਂ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਰਾਊਤ ਨੇ ਮੀਡੀਆ ਨੂੰ ਦੱਸਿਆ ਕਿ ਉਨ੍ਹਾਂ ਦੀ 'ਆਪ' ਆਗੂ ਸੰਜੈ ਸਿੰਘ ਨਾਲ ਗੱਲਬਾਤ ਹੋਈ ਹੈ ਤੇ 'ਜਿਹੜੇ ਸਬੂਤ ਉਨ੍ਹਾਂ ਦਿੱਤੇ ਹਨ ਉਹ ਹੈਰਾਨ ਕਰਨ ਵਾਲੇ ਹਨ।' ਰਾਊਤ ਨੇ ਕਿਹਾ ਕਿ ਭਗਵਾਨ ਰਾਮ ਤੇ ਰਾਮ ਮੰਦਰ ਲਈ ਲੜਾਈ ਸਾਡੇ ਲਈ ਸ਼ਰਧਾ ਦਾ ਮਾਮਲਾ ਹੈ। ਕੁਝ ਲੋਕਾਂ ਲਈ, ਇਹ ਸਿਆਸੀ ਮੁੱਦਾ ਹੈ। ਉਨ੍ਹਾਂ ਕਿਹਾ ਮੰਦਰ ਦੇ 'ਭੂਮੀਪੂਜਨ' ਵਿਚ ਯੂਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਤੇ ਆਰਐੱਸਐੱਸ ਮੁਖੀ ਮੋਹਨ ਭਾਗਵਤ ਵੀ ਹਾਜ਼ਰ ਸਨ। ਉਨ੍ਹਾਂ ਨੂੰ ਵੀ ਇਸ ਮਾਮਲੇ 'ਤੇ ਜਵਾਬ ਦੇਣਾ ਚਾਹੀਦਾ ਹੈ।

# ਕਿਸਾਨ ਅੰਦੋਲਨ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਰਚ ਰਹੀ ਹੈ ਕੇਂਦਰ ਸਰਕਾਰ: ਚੜੂਨੀ

**ਐਸ.ਏ.ਐਸ. ਨਗਰ (ਮੁਹਾਲੀ)।** ਕਿਸਾਨ ਯੂਨੀਅਨ ਹਰਿਆਣਾ ਦੇ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਨੇ ਕਿਹਾ ਕਿ ਤਿੰਨ ਕਾਲੇ ਖੇਤੀ ਕਾਨੂੰਨਾਂ ਖ਼ਿਲਾਫ਼ ਦਿੱਲੀ ਦੀਆਂ ਬਰੂਹਾਂ 'ਤੇ ਚੱਲ ਰਹੇ ਕਿਸਾਨ ਅੰਦੋਲਨ ਨੂੰ ਕਮਜ਼ੋਰ ਕਰਨ ਲਈ ਕੇਂਦਰ ਸਰਕਾਰ ਆਪਣੀ ਪੂਰੀ ਵਾਹ ਲਗਾ ਰਹੀ ਹੈ, ਜਿਸ ਤਹਿਤ ਕਿਸਾਨ ਜਥੇਬੰਦੀਆਂ ਵਿੱਚ ਫੁੱਟ ਪੈਣ ਦੀਆਂ ਅਫ਼ਵਾਹਾਂ ਫੈਲਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਇਹ ਦਾਅਵਾ ਅੱਜ ਸੋਹਾਣਾ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸਮਰਥਨ ਵਿੱਚ ਪੁਆਧ ਇਲਾਕਾ ਮੁਹਾਲੀ ਦੇ ਕਿਸਾਨਾਂ ਵੱਲੋਂ ਕੀਤੀ ਜਾ ਰਹੀ ਲੜੀਵਾਰ ਭੁੱਖ-ਹੜਤਾਲ ਅਤੇ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ। ਅੱਜ ਯੂਥ ਕਲੱਬ ਸੋਹਾਣਾ ਦੇ ਪ੍ਰਧਾਨ ਗੁਰਦੀਪ ਸਿੰਘ ਗੁਰੀ ਬੈਦਵਾਨ ਦੀ ਅਗਵਾਈ ਵਿੱਚ ਨੌਜਵਾਨਾਂ ਦਾ ਜਥਾ ਭੁੱਖ-ਹੜਤਾਲ 'ਤੇ ਬੈਠਾ।

ਕਿਸਾਨ ਆਗੂ ਨੇ ਭੁੱਖ ਹੜਤਾਲ 'ਤੇ ਬੈਠੇ ਨੌਜਵਾਨਾਂ ਨੂੰ ਸਿਰੋਪੇ ਦੇ ਕੇ ਸਨਮਾਨਿਤ ਕਰਦਿਆਂ ਕਿਸਾਨਾਂ ਅਤੇ ਆਮ ਲੋਕਾਂ ਨੂੰ ਕਿਸਾਨੀ ਸੰਘਰਸ਼ ਦਾ ਹਿੱਸਾ ਬਣਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਮਨਮਰਜ਼ੀਆਂ ਦੇਸ਼ ਲਈ ਘਾਤਕ ਹਨ ਅਤੇ ਹੁਕਮਰਾਨਾਂ ਨੂੰ ਦੇਸ਼ ਦੀ ਕੋਈ ਚਿੰਤਾ



ਨਹੀਂ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਨੂੰ ਦਬਾਉਣ ਲਈ ਕੋਝੀਆਂ ਚਾਲਾਂ ਚੱਲ ਰਹੀ ਹੈ।

ਸ੍ਰੀ ਚੜੂਨੀ ਨੇ ਕਿਹਾ, 'ਕਿਸਾਨ ਅੰਦੋਲਨ ਦੀ ਸ਼ੁਰੂਆਤ ਤੋਂ ਹੀ ਨੌਜਵਾਨਾਂ ਨੇ ਮਹੱਤਵਪੂਰਨ ਨਿਭਾਈ ਹੈ ਅਤੇ ਨੌਜਵਾਨਾਂ ਦੀ ਸਰਗਰਮ ਸ਼ਮੂਲੀਅਤ ਸਦਕਾ ਇਹ ਅੰਦੋਲਨ ਮਜ਼ਬੂਤ ਹੋਇਆ ਹੈ। ਵਾਹਿਗੁਰੂ ਦੀ ਮਿਹਰ ਸਦਕਾ ਦੇਸ਼-ਵਿਆਪੀ ਕਿਸਾਨੀ ਸੰਘਰਸ਼ ਕਾਮਯਾਬੀ ਨਾਲ ਚੱਲ ਰਿਹਾ ਹੈ ਜਦੋਂਕਿ ਭਾਜਪਾ ਸਰਕਾਰ ਆਏ ਦਿਨ ਕਿਸਾਨੀ-ਅੰਦੋਲਨ ਨੂੰ ਕਮਜ਼ੋਰ ਕਰਨ ਲਈ ਸਾਜ਼ਿਸ਼ਾਂ ਰਚ ਰਹੀ ਹੈ।' ਉਨ੍ਹਾਂ ਐਲਾਨ ਕੀਤਾ ਕਿ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਤਿੰਨੋਂ ਖੇਤੀ ਕਾਨੂੰਨ ਰੱਦ ਨਹੀਂ ਕੀਤੇ ਜਾਂਦੇ ਅਤੇ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਨਹੀਂ ਮਿਲਦਾ।

ਕਿਸਾਨ ਆਗੂ ਨੇ ਕਿਹਾ, 'ਜਿਸ ਦੇਸ਼ ਦਾ ਰਾਜਾ ਮਨਮਰਜ਼ੀਆਂ ਕਰਨ ਲੱਗ ਜਾਵੇ, ਉਹ ਉਸ ਦੇਸ਼ ਦੇ ਲੋਕਾਂ ਲਈ ਘਾਤਕ ਸਿੱਧ ਹੁੰਦਾ ਹੈ। ਸੋਸ਼ਲ ਮੀਡੀਆ 'ਤੇ ਕਿਸਾਨਾਂ ਤੇ ਮਜ਼ਦੂਰਾਂ ਦੀ ਸਾਂਝ ਨੂੰ ਤੋੜਨ ਲਈ ਅਫ਼ਵਾਹਾਂ ਫੈਲਾਈਆਂ ਜਾ ਰਹੀਆਂ ਹਨ ਪਰ ਇਹ ਸਾਜ਼ਿਸ਼ਾਂ ਕਾਮਯਾਬ ਨਹੀਂ ਹੋਣਗੀਆਂ।

ਕੇਂਦਰ ਨੂੰ ਜ਼ਿੱਦ ਛੱਡ ਕੇ ਗੱਲਬਾਤ ਰਾਹੀਂ ਮਸਲਾ ਹੱਲ ਕਰਨਾ ਚਾਹੀਦਾ ਹੈ, ਨਹੀਂ ਤਾਂ ਆਉਣ ਵਾਲੇ ਸਮੇਂ 'ਚ ਹੋਰ ਸੂਬਿਆਂ ਅੰਦਰ ਭਾਜਪਾ ਦਾ ਹਸ਼ਰ ਪੱਛਮੀ ਬੰਗਾਲ ਤੋਂ ਵੀ ਮਾੜਾ ਹੋਵੇਗਾ।' ਅਖੀਰ ਵਿੱਚ ਕਿਸਾਨਾਂ ਵੱਲੋਂ ਗੁਰਨਾਮ ਸਿੰਘ ਚੜੂਨੀ ਨੂੰ ਸਿਰੋਪਾ ਅਤੇ ਕਿਰਪਾਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੇਬਰਫੈੱਡ ਪੰਜਾਬ ਦੇ ਸਾਬਕਾ ਐਮਡੀ ਪਰਵਿੰਦਰ ਸਿੰਘ ਬੈਦਵਾਨ, ਕੌਂਸਲਰ ਹਰਜਿੰਦਰ ਕੌਰ ਸੋਹਾਣਾ ਆਦਿ ਮੌਜੂਦ ਸਨ।

# ਬਾਦਲ ਨੇ ਸਿਹਤ ਨਾਸਾਜ਼ ਹੋਣ ਕਾਰਨ ਸਿਟ ਅੱਗੇ ਪੇਸ਼ ਹੋਣ ਲਈ ਮੋਹਲਤ ਮੰਗੀ

**ਚੰਡੀਗੜ੍ਹ।** ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਸਿਹਤ ਠੀਕ ਨਾ ਹੋਣ ਕਰ ਕੇ ਵਿਸ਼ੇਸ਼ ਜਾਂਚ ਟੀਮ (ਐੱਸਆਈਟੀ) ਅੱਗੇ ਪੇਸ਼ ਹੋਣ ਲਈ ਮੋਹਲਤ ਮੰਗਦਿਆਂ ਇਸ ਸਬੰਧੀ ਨਵੀਂ ਤਰੀਕ ਤੈਅ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਡਾਕਟਰਾਂ ਨੇ 10 ਦਿਨਾਂ ਲਈ ਪੂਰਾ ਆਰਾਮ ਕਰਨ ਦੀ ਸਲਾਹ ਦਿੱਤੀ ਹੈ ਅਤੇ ਜਿਵੇਂ ਹੀ ਸਿਹਤ ਠੀਕ ਹੁੰਦੀ ਹੈ ਤਾਂ ਉਹ ਕਾਨੂੰਨ ਮੁਤਾਬਕ ਆਪਣੀ ਰਿਹਾਇਸ਼ ਫਲੈਟ ਨੰਬਰ 37, ਸੈਕਟਰ-4, ਚੰਡੀਗੜ੍ਹ ਵਿੱਚ ਜਾਂਚ ਵਿਚ ਸ਼ਾਮਲ ਹੋਣ ਲਈ ਖ਼ੁਦ ਹਾਜ਼ਰ ਰਹਿਣਗੇ। ਉਨ੍ਹਾਂ ਨਾਲ ਹੀ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਨਿਆਂ ਪਾਲਿਕਾ ਵਿੱਚ ਪੂਰਾ ਭਰੋਸਾ ਹੈ ਅਤੇ ਵਿਸ਼ੇਸ਼ ਜਾਂਚ ਟੀਮ ਨੂੰ ਮਾਮਲੇ ਦੀ ਜਾਂਚ ਕਰਨ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇਗਾ। ਸ੍ਰੀ ਬਾਦਲ ਨੇ ਭਰੋਸਾ ਪ੍ਰਗਟਾਇਆ ਕਿ ਨਵੀਂ ਐੱਸਆਈਟੀ ਪਹਿਲੀ ਐੱਸਆਈਟੀ ਦੇ ਉਲਟ ਕਾਨੂੰਨ ਦਾ ਸਨਮਾਨ ਕਰਦੇ ਹੋਏ ਨਿਰਪੱਖ ਜਾਂਚ ਕਰੇਗੀ ਅਤੇ ਸੱਤਾਧਾਰੀ ਪਾਰਟੀ ਦੇ ਸਿਆਸੀ ਦਖ਼ਲ ਅੱਗੇ ਗੋਡੇ ਨਹੀਂ ਟੇਕੇਗੀ, ਕਿਉਂਕਿ ਸਰਕਾਰ ਆਪਣੇ ਸੌੜੇ ਸਿਆਸੀ ਹਿੱਤਾਂ ਵਾਸਤੇ ਕਾਨੂੰਨ ਨੂੰ ਛਿੱਕੇ ਟੰਗ ਰਹੀ ਹੈ। ਪਿਛਲੀ ਸਰਕਾਰ ਵੇਲੇ ਕੋਟਕਪੂਰਾ ਵਿਚ ਵਾਪਰੀਆਂ ਘਟਨਾਵਾਂ ਦੀ ਜਾਂਚ ਕਰ ਰਹੀ ਐੱਸਆਈਟੀ ਵੱਲੋਂ ਪ੍ਰਾਪਤ ਹੋਏ ਸੰਮਨਾਂ ਦਾ ਦੋ ਸਫ਼ਿਆਂ ਵਿਚ ਜਵਾਬ ਦਿੰਦਿਆਂ ਸ੍ਰੀ ਬਾਦਲ ਨੇ ਕਿਹਾ ਕਿ ਅੱਜ ਤੱਕ ਸਿਆਸੀ ਦਖ਼ਲ ਕਾਰਨ ਜਾਂਚ ਦੀ ਸਾਰੀ



ਪ੍ਰਕਿਰਿਆ ਨਾਲ ਮਜ਼ਾਕ ਹੁੰਦਾ ਰਿਹਾ ਹੈ ਅਤੇ ਇਸ ਦਾ ਮਕਸਦ ਸਿਆਸੀ ਬਦਲਾਖੋਰੀ ਸੀ, ਜਿਸ ਕਾਰਨ ਜਾਂਚ ਦੀ ਨਿਰਪੱਖਤਾ 'ਤੇ ਕਿਸੇ ਨੂੰ ਭਰੋਸਾ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਇਸ ਸਭ ਦੇ ਬਾਵਜੂਦ ਉਹ ਜਾਂਚ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਕਰਨਗੇ। ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਐੱਸਆਈਟੀ ਤਾਂ ਵਜੂਦ ਵਿੱਚ ਹੀ ਪਿਛਲੀ ਐੱਸਆਈਟੀ ਦੇ ਨੰਗੇ- ਚਿੱਟੇ ਸਿਆਸੀਕਰਨ ਕਾਰਨ ਆਈ ਹੈ। ਸ੍ਰੀ ਬਾਦਲ ਨੇ ਪਿਛਲੀ ਐੱਸਆਈਟੀ ਦੇ ਕਥਿਤ ਸਿਆਸੀ ਵਤੀਰੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਸ ਸਿਆਸੀ ਵਤੀਰੇ ਕਾਰਨ ਸਾਰੀ ਜਾਂਚ ਪ੍ਰਕਿਰਿਆ ਢਹਿ-ਢੇਰੀ ਹੋ ਗਈ। ਉਨ੍ਹਾਂ ਕਿਹਾ ਕਿ ਪਿਛਲੀ ਐੱਸਆਈਟੀ ਵਿੱਚ ਸਾਰੇ ਸਥਾਪਤ ਨਿਯਮਾਂ ਅਤੇ ਤੌਰ-ਤਰੀਕਿਆਂ ਨੂੰ ਛਿੱਕੇ ਟੰਗ ਕੇ ਇਕ ਅਧਿਕਾਰੀ ਨੇ ਆਪਣੇ-ਆਪ ਹੀ ਸਾਰੀਆਂ ਤਾਕਤਾਂ ਕਬਜ਼ੇ 'ਚ ਕਰ ਲਈਆਂ ਸਨ।

OUR PARTNERS IN PROMOTION
WORLD PUNJABI NEWS NETWORK
whitecloud.in WHITECLOUD INTERNATIONAL
WEB PRESENCE PROVIDER
SmartBrainz EXPLORE. CHOOSE. BUY.
TECHNOLOGY PROVIDER
WORLD PUNJABI NEWS NETWORK
NEWS & MEDIA PARTNER
ADVERTISE WITH US
+91 98155 88388
worldpunjabinews@gmail.com

# ‘ਸਮਰਥਨ ਮੁੱਲ ਜਾਰੀ ਰਹੇਗਾ’ ਦੀ ਹਕੀਕਤ

ਖੇਤੀਬਾੜੀ ਲਾਗਤ ਅਤੇ ਮੁੱਲ ਕਮਿਸ਼ਨ ਦੀਆਂ ਸਿਫਾਰਿਸ਼ਾਂ ਦੇ ਆਧਾਰ ਤੇ ਪ੍ਰਧਾਨ ਮੰਤਰੀ ਦੀ ਅਗਵਾਈ ਵਾਲੀ ਆਰਥਿਕ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਨੇ ਹਰ ਸਾਲ ਵਾਂਗ ਸਾਉਣੀ (2021) ਦੀਆਂ 14 ਫਸਲਾਂ ਲਈ ਸਮਰਥਨ ਮੁੱਲ ਤੈਅ ਕਰਨ ਦਾ ਐਲਾਨ ਕੀਤਾ ਹੈ। ਕੇਂਦਰ ਸਰਕਾਰ ਨੇ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਵਿਚ ਪਿਛਲੇ ਸਾਲ ਦੇ ਮੁਕਾਬਲੇ 72 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕਰ ਕੇ ਇਸ ਦਾ ਭਾਅ 1940 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਹੈ। ਝੋਨੇ ਦੀ ਗਰੇਡ ਏ ਕਿਸਮ ਜੋ ਪੰਜਾਬ ਵਿਚ ਮੁੱਖ ਤੌਰ ਤੇ ਬੀਜੀ ਜਾਂਦੀ ਹੈ, ਦਾ ਭਾਅ ਵੀ ਵਧ ਕੇ 1960 ਰੁਪਏ ਪ੍ਰਤੀ ਕੁਇੰਟਲ ਹੋ ਗਿਆ ਹੈ। ਇਸੇ ਤਰ੍ਹਾਂ ਦਰਮਿਆਨੇ ਰੇਸ਼ੇ ਵਾਲਾ ਨਰਮਾ ਜੋ ਝੋਨੇ ਤੋਂ ਬਾਅਦ ਪੰਜਾਬ ਦੀ ਸਾਉਣੀ ਰੁੱਤ ਦੀ ਦੂਜੀ ਮੁੱਖ ਫਸਲ ਹੈ, ਦੀ ਕੀਮਤ ਵਿਚ 211 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕਰ ਕੇ ਇਸ ਦਾ ਸਮਰਥਨ ਮੁੱਲ 5726 ਰੁਪਏ ਪ੍ਰਤੀ ਕੁਇੰਟਲ ਕੀਤਾ ਗਿਆ ਹੈ। ਮੱਕੀ ਲਈ ਸਮਰਥਨ ਮੁੱਲ 1870 ਰੁਪਏ ਪ੍ਰਤੀ ਕੁਇੰਟਲ, ਮੂੰਗਫਲੀ ਲਈ 5550 ਰੁਪਏ ਪ੍ਰਤੀ ਕੁਇੰਟਲ ਅਤੇ ਮੂੰਗੀ ਤੇ ਮਾਂਹ ਲਈ 6300 ਰੁਪਏ ਪ੍ਰਤੀ ਕੁਇੰਟਲ ਮਿਥਿਆ ਗਿਆ ਹੈ। ਇਸ ਤਰ੍ਹਾਂ ਸਾਉਣੀ ਦੀਆਂ ਫਸਲਾਂ ਲਈ ਇਹ ਵਾਧਾ ਝੋਨੇ ਲਈ 3.8 ਫ਼ੀਸਦ, ਨਰਮੇ ਲਈ 3.4 ਫ਼ੀਸਦ, ਮੱਕੀ ਲਈ 1 ਫ਼ੀਸਦ ਅਤੇ ਦਾਲਾਂ ਲਈ 5 ਫ਼ੀਸਦ ਹੈ।



ਕਿਸਾਨ ਜਥੇਬੰਦੀਆਂ ਨੇ ਫਸਲਾਂ ਦੇ ਭਾਅ ਵਿਚ ਕੀਤਾ ਇਹ ਵਾਧਾ ਨਕਾਰਾਤਮਕ ਦੱਸਿਆ ਹੈ ਕਿਉਂਕਿ ਉਹ ਡਾ. ਸਵਾਮੀਨਾਥਨ ਅਧੀਨ ਬਣੇ ਕੌਮੀ ਕਿਸਾਨ ਕਮਿਸ਼ਨ ਦੀ ਸਿਫਾਰਸ਼ ਦੇ ਸਨਮੁੱਖ ਪੈਦਾਵਾਰ ਦੀ ਸਮੁੱਚੀ ਲਾਗਤ (ਸੀ2) ਉੱਪਰ 50 ਫੀਸਦੀ ਵਾਧੇ ਦੀ ਮੰਗ ਕਰ ਰਹੇ ਹਨ। ਜੇਕਰ ਦੇਸ਼ ਅੰਦਰ ਮਹਿੰਗਾਈ ਦੀ ਦਰ ਜੋ ਤਕਰੀਬਨ 4.9 ਫੀਸਦੀ ਰਹੀ ਹੈ, ਦੇ ਮੁਕਾਬਲੇ ਇਹ ਵਾਧਾ ਦੇਖਿਆ ਜਾਵੇ ਤਾਂ ਬਹੁਤ ਨਿਗੂਣਾ ਜਿਹਾ ਲਗਦਾ ਹੈ। ਰਾਜ ਵਿਚ ਝੋਨੇ ਦੀ ਪ੍ਰਤੀ ਹੈਕਟੇਅਰ ਪੈਦਾਵਾਰ ਤਕਰੀਬਨ 65 ਕੁਇੰਟਲ ਹੈ ਜਿਸ ਅਨੁਸਾਰ ਕਿਸਾਨ ਨੂੰ ਮੌਜੂਦਾ ਵਾਧੇ ਕਰ ਕੇ ਤਕਰੀਬਨ 4680 ਰੁਪਏ ਪ੍ਰਤੀ ਹੈਕਟੇਅਰ ਹੋਰ ਮਿਲਣਗੇ; ਦੂਜੇ ਪਾਸੇ ਜੇਕਰ ਡੀਜ਼ਲ ਦੇ ਭਾਅ ਤੇ ਝਾਤ ਮਾਰੀ ਜਾਵੇ ਤਾਂ ਇਹ 1 ਜੂਨ 2020 ਨੂੰ 62.03 ਰੁਪਏ ਪ੍ਰਤੀ ਲਿਟਰ ਤੋਂ ਵਧ ਕੇ 1 ਜੂਨ, 2021 ਨੂੰ 85.09 ਰੁਪਏ ਪ੍ਰਤੀ ਲਿਟਰ ਹੋ ਗਿਆ ਹੈ ਅਤੇ ਸਾਉਣੀ ਦੀ ਇਸ ਰੁੱਤ ਦੌਰਾਨ ਇੱਕ ਹੈਕਟੇਅਰ ਝੋਨੇ ਦੀ ਕਾਸ਼ਤ ਤੇ ਤਕਰੀਬਨ 80 ਲਿਟਰ ਡੀਜ਼ਲ ਦੀ ਖਪਤ ਨਾਲ ਵਾਧੂ ਖਰਚਾ 1845 ਰੁਪਏ ਹੋ ਜਾਵੇਗਾ ਜੋ ਦਿੱਤੇ ਵਾਧੇ ਦੇ 40 ਫੀਸਦੀ ਤੋਂ ਵੱਧ ਹੈ। ਇਸ ਤੋਂ ਇਲਾਵਾ ਫਸਲਾਂ ਦੀ ਪੈਦਾਵਾਰ ਲਈ ਵਰਤੀ ਜਾਂਦੀ ਹੋਰ ਸਮੱਗਰੀ, ਭਾਵ ਬੀਜ, ਕੀੜੇਮਾਰ ਦਵਾਈਆਂ, ਖੇਤੀਬਾੜੀ ਮਸ਼ੀਨਰੀ, ਇਸ ਦੇ ਪੁਰਜ਼ੇ ਆਦਿ ਦੀ ਕੀਮਤ ਵਿਚ ਵੀ ਵਾਧਾ ਹੋਇਆ ਹੈ। ਕੋਵਿਡ ਮਹਾਮਾਰੀ ਕਾਰਨ ਕਿਸਾਨਾਂ ਨੂੰ ਮਜ਼ਦੂਰਾਂ ਦੀ ਘਾਟ ਕਾਰਨ ਮਜ਼ਦੂਰੀ ਉੱਤੇ ਵੀ ਵੱਧ ਖਰਚ ਕਰਨਾ ਪਵੇਗਾ। ਕੁੱਲ ਮਿਲਾ ਕੇ ਸਮਰਥਨ ਮੁੱਲ ਵਿਚ ਇਹ ਵਾਧਾ ਆਟੇ ਵਿਚ ਲੂਣ ਦੇ ਬਰਾਬਰ ਹੈ।

ਦੂਸਰੇ ਪਾਸੇ ਕੇਂਦਰੀ ਖੇਤੀਬਾੜੀ ਮੰਤਰੀ ਨਰਿੰਦਰ ਸਿੰਘ ਤੋਮਰ ਨੇ ਸਮਰਥਨ ਮੁੱਲ ਦੇ ਐਲਾਨ ਸਮੇਂ ਕਿਹਾ ਕਿ ਇਨ੍ਹਾਂ ਕੀਮਤਾਂ ਨਾਲ ਕਿਸਾਨਾਂ ਨੂੰ ਆਪਣੀ ਫਸਲ ਦੀ ਲਾਗਤ ਤੇ 50 ਤੋਂ 85 ਫ਼ੀਸਦ ਤੱਕ ਦਾ ਲਾਭ ਮਿਲੇਗਾ। ਖੇਤੀ ਲਾਗਤ ਤੇ ਮੁੱਲ ਕਮਿਸ਼ਨ ਨੇ ਆਪਣੀ ਰਿਪੋਰਟ ਵਿਚ ਦਾਅਵਾ ਕੀਤਾ ਹੈ ਕਿ ਘੱਟੋ-ਘੱਟ ਸਮਰੱਥਨ ਮੁੱਲ ਦੀ ਨੀਤੀ ਰਾਹੀਂ ਕਿਸਾਨਾਂ ਨੂੰ ਫਸਲਾਂ ਦੇ ਵਾਜਿਬ ਭਾਅ ਮੁਹੱਈਆ ਕਰਵਾਉਣ, ਖੇਤੀ ਨੂੰ ਲਾਹੇਵੰਦ ਬਣਾਉਣ ਅਤੇ ਕਿਸਾਨਾਂ ਨੂੰ ਸਨਮਾਨਜਨਕ ਜੀਵਨ ਲਈ ਆਮਦਨ ਮੁਹੱਈਆ ਕਰਵਾਉਣ ਵਿਚ ਮਹੱਤਵਪੂਰਨ ਯੋਗਦਾਨ ਪਵੇਗਾ। ਉਂਜ, ਆਮ ਕਿਸਾਨ ਇਹ ਸਮਝਣ ਵਿਚ ਅਸਮਰੱਥ ਹੈ ਕਿ ਫਸਲਾਂ ਦੇ ਭਾਅ ਕੀਮਤਾਂ ਵਿਚ ਗ਼ੈਰ-ਲਾਹੇਵੰਦ ਵਾਧਾ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕਿਵੇਂ ਕਰੇਗਾ ਅਤੇ ਉਹ ਨਵੀਆਂ ਤਕਨੀਕਾਂ ਅਪਨਾਉਣ ਲਈ ਕਿਸ ਤਰ੍ਹਾਂ ਉਤਸ਼ਾਹਿਤ ਹੋ ਸਕਦੇ ਹਨ?

ਇਸ ਦੇ ਨਾਲ ਨਾਲ ਕਮਿਸ਼ਨ ਵੱਲੋਂ ਕੀਤੀਆਂ ਗਈਆਂ ਕੁਝ ਹੋਰ ਗ਼ੈਰ-ਮੁੱਲ ( ) ਸਿਫਾਰਿਸ਼ਾਂ ਵੀ ਧਿਆਨ ਮੰਗਦੀਆਂ ਹਨ ਜਿਨ੍ਹਾਂ ਬਾਰੇ ਕੇਂਦਰ ਸਰਕਾਰ ਨੇ ਅਜੇ ਕੋਈ ਫੈਸਲਾ ਨਹੀਂ ਕੀਤਾ। ਕਮਿਸ਼ਨ ਨੇ ਪਿਛਲੇ ਸਾਲ ਕੀਤੀ ਆਪਣੀ ਸਿਫਾਰਿਸ਼ ਇਸ ਸਾਲ ਫਿਰ ਦੁਹਰਾਈ ਹੈ ਕਿ ਕੇਂਦਰ ਸਰਕਾਰ ਨੂੰ ਚੌਲ ਅਤੇ ਕਣਕ ਦੀ ਖੁੱਲ੍ਹੀ ਖਰੀਦ ਦੀ ਨੀਤੀ (ਦਾਣਾ ਦਾਣਾ ਖਰੀਦਣ ਦੀ ਪ੍ਰਕਿਰਿਆ) ਦੀ ਸਮੀਖਿਆ ਕਰਨੀ ਚਾਹੀਦੀ ਹੈ ਅਤੇ ਛੋਟੇ ਤੇ ਦਰਮਿਆਨੇ ਕਿਸਾਨਾਂ ਤੋਂ ਖਰੀਦ ਕਰਨ ਦਾ ਨੀਤੀਗਤ ਫੈਸਲਾ ਕਰਨਾ ਚਾਹੀਦਾ ਹੈ ਜੋ ਮੁਲਕ ਦੀ ਕੁੱਲ ਵਾਹੀਯੋਗ ਜ਼ਮੀਨ ਦੇ 86 ਫੀਸਦੀ ਹਿੱਸੇ ਤੇ ਖੇਤੀ ਕਰਦੇ ਹਨ। ਪੰਜ ਏਕੜ ਤੋਂ ਵੱਧ ਵਾਲੀ ਕਿਸਾਨੀ ਤੋਂ ਕੇਵਲ ਤੈਅ ਮਾਤਰਾ ਹੀ ਖਰੀਦੀ ਜਾਣੀ ਚਾਹੀਦੀ ਹੈ। ਕਮਿਸ਼ਨ ਨੇ ਨਾਈਟਰੋਜਨ ਖਾਦ (ਯੂਰੀਆ ਆਦਿ) ਅਤੇ ਦੂਸਰੀਆਂ ਖਾਦਾਂ, ਭਾਵ ਡੀਏਪੀ, ਪੋਟਾਸ਼ ਆਦਿ ਦੀਆਂ ਕੀਮਤਾਂ ਵਿਚ ਅੰਤਰ ਨੂੰ ਵੀ ਘੱਟ ਕਰਨ ਦੀ ਸਿਫਾਰਸ਼ ਕੀਤੀ ਹੈ ਤਾਂ ਜੋ ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਇਸ ਮੰਤਵ ਲਈ ਕਮਿਸ਼ਨ ਨੇ ਯੂਰੀਆਂ ਖਾਦ ਦੀ ਕੀਮਤ ਵਿਚ ਵਾਧਾ ਕਰਨ ਅਤੇ ਮਿੱਟੀ ਦੇ ਟੈਸਟ ਦੇ ਆਧਾਰ ਤੇ ਇਸ ਦੀ ਸਬਸਿਡੀ ਤੇ ਮਿਲਣ ਵਾਲੀ ਖਾਦ ਦੀ ਪ੍ਰਤੀ ਹੈਕਟੇਅਰ ਮਾਤਰਾ ਵੀ ਮਿਥਣ ਲਈ ਕਿਹਾ ਹੈ। ਕਮਿਸ਼ਨ ਨੇ ਖੇਤੀ ਜਿਣਸਾਂ ਦੀ ਮੰਡੀ ਵਿਚ ਵਿਗਾੜ ਪੈਦਾ ਕਰਨ ਵਾਲੇ ਦਖਲ, ਭਾਵ ਰਾਜਾਂ ਵੱਲੋਂ ਲਗਾਏ ਜਾਂਦੇ ਮੰਡੀ ਟੈਕਸ ਘਟਾਉਣ ਲਈ ਕਿਹਾ ਹੈ ਅਤੇ ਅਜਿਹਾ ਨਾ ਕਰਨ ਵਾਲੇ ਰਾਜਾਂ ਕੋਲੋਂ ਜਿਣਸਾਂ ਦੀ ਖਰੀਦ ਨੂੰ ਸੀਮਤ ਕਰਨ ਦੀ ਸਿਫਾਰਿਸ਼ ਵੀ ਕੀਤੀ ਹੈ। ਕਮਿਸ਼ਨ ਦੀ ਰਾਏ ਹੈ ਕਿ ਜਿਨ੍ਹਾਂ ਜਿਣਸਾਂ ਦਾ ਸਮਰਥਨ ਮੁੱਲ ਤੈਅ ਕੀਤਾ ਜਾਂਦਾ ਹੈ, ਉਨ੍ਹਾਂ ਦੀ ਗਿਣਤੀ ਕਾਫੀ ਜ਼ਿਆਦਾ ਹੈ ਅਤੇ ਉਨ੍ਹਾਂ ਵਿਚੋਂ ਕੁਝ ਦੀ ਪੈਦਾਵਾਰ ਕਾਫੀ ਘਟ ਗਈ ਹੈ, ਇਸ ਲਈ ਕਮਿਸ਼ਨ ਨੇ ਭਾਰਤ ਸਰਕਾਰ ਨੂੰ ਘੱਟੋ-ਘੱਟ ਸਮਰਥਨ ਮੁੱਲ ਦੀ ਨੀਤੀ ਅਧੀਨ ਆਉਂਦੀਆਂ ਫਸਲਾਂ ਦੀ ਗਿਣਤੀ ਦੀ ਸਮੀਖਿਆ ਕਰਨ ਲਈ ਕਿਹਾ ਹੈ।

ਕਿਸਾਨ ਜਥੇਬੰਦੀਆਂ ਕੇਂਦਰ ਸਰਕਾਰ ਵੱਲੋਂ ਫਸਲਾਂ ਦੇ ਮੰਡੀਕਰਨ ਦੇ ਸੁਧਾਰਾਂ ਦੇ ਨਾਂ ਤੇ ਬਣਾਏ ਤਿੰਨ ਕਾਨੂੰਨ ਵਾਪਸ ਲੈਣ ਲਈ ਦਿੱਲੀ ਦੇ ਬਾਰਡਰ ਤੇ ਪਿਛਲੇ ਛੇ ਮਹੀਨਿਆਂ ਤੋਂ ਅੰਦੋਲਨ ਚਲਾ ਰਹੀਆਂ ਹਨ। ਇਸ ਦੇ ਨਾਲ ਨਾਲ ਉਹ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ ਦੀ ਵੀ ਮੰਗ ਰਹੀਆਂ ਹਨ। ਕਿਸਾਨ ਇਹ ਮੰਗ ਵੀ ਕਰ ਰਹੇ ਹਨ ਕਿ ਫਸਲਾਂ ਦਾ ਸਮਰਥਨ ਮੁੱਲ ਲਾਹੇਵੰਦ ਹੋਣਾ ਚਾਹੀਦਾ ਹੈ ਅਤੇ ਉਹ ਸਵਾਮੀਨਾਥਨ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਤੈਅ ਕਰਨਾ ਚਾਹੀਦਾ ਹੈ। ਉੱਧਰ, ਕੇਂਦਰ ਸਰਕਾਰ ਸਵਾਮੀਨਾਥਨ ਕਮਿਸ਼ਨ ਦੇ ਫਾਰਮੂਲੇ ਬਾਰੇ ਲਗਾਤਾਰ ਭੁਲੇਖੇ ਪੈਦਾ ਕਰ ਰਹੀ ਹੈ। ਖੇਤੀਬਾੜੀ ਮੰਤਰੀ ਨਰਿੰਦਰ ਸਿੰਘ ਤੋਮਰ ਨੇ ਕਿਹਾ ਹੈ ਕਿ ਐੱਮਐੱਸਪੀ ਬਾਰੇ ਕਿਸੇ ਤਰ੍ਹਾਂ ਦੇ ਸ਼ੱਕ ਦੀ ਲੋੜ ਨਹੀਂ ਹੈ। ਐੱਮਐੱਸਪੀ ਲਾਗੂ ਹੈ ਅਤੇ ਫਸਲਾਂ ਘੱਟੋ-ਘੱਟ ਸਮਰਥਨ ਮੁੱਲ ਤੇ ਹੀ ਖਰੀਦੀਆਂ ਜਾ ਰਹੀਆਂ ਹਨ। ਐੱਮਐੱਸਪੀ ਵਧਾਈ ਜਾ ਰਹੀ ਹੈ ਅਤੇ ਇਹ ਭਵਿੱਖ ਵਿਚ ਵੀ ਜਾਰੀ ਰਹੇਗੀ।

ਦੂਜੇ ਬੰਨੇ, ਖੇਤੀ ਲਾਗਤ ਅਤੇ ਮੁੱਲ ਕਮਿਸ਼ਨ ਦੀਆਂ ਗੈਰ-ਮੁੱਲ ( ) ਸਿਫਾਰਸ਼ਾਂ ਇਸ ਬਿਆਨ ਦੇ ਬਿਲਕੁੱਲ ਉਲਟ ਹਨ। ਪਹਿਲਾਂ ਹੀ ਕਣਕ, ਝੋਨੇ ਅਤੇ ਕੁਝ ਹੱਦ ਤੱਕ ਨਰਮੇ ਲਈ ਹੀ ਘੱਟੋ-ਘੱਟ ਸਮਰਥਨ ਮੁੱਲ ਦੇ ਕੁਝ ਮਾਇਨੇ ਹਨ ਅਤੇ ਬਾਕੀ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ ਤੇ ਖਰੀਦ ਦੀ ਅਣਹੋਂਦ ਕਰ ਕੇ ਇਹ ਕੇਵਲ ਐਲਾਨ ਹੀ ਰਹਿ ਜਾਂਦਾ ਹੈ। ਖੇਤੀ ਲਾਗਤ ਅਤੇ ਮੁੱਲ ਕਮਿਸ਼ਨ ਹੁਣ ਇਸ ਐਲਾਨ ਤੋਂ ਵੀ ਲਾਂਭੇ ਜਾਣ ਦਾ ਸੁਝਾਅ ਦੇ ਰਿਹਾ ਹੈ। ਪੰਜਾਬ ਅਤੇ ਹਰਿਆਣਾ ਵਿਚ ਝੋਨੇ ਦੀ ਕਾਸ਼ਤ ਕਾਰਨ ਕੁਦਰਤੀ ਸਰੋਤਾਂ, ਭਾਵ ਜ਼ਮੀਨ, ਪਾਣੀ ਅਤੇ ਵਾਤਾਵਰਨ ਤੇ ਪੈ ਰਹੇ ਮਾੜੇ ਪ੍ਰਭਾਵ ਕਾਰਨ ਫਸਲੀ ਵੰਨ-ਸਵੰਨਤਾ ਵੱਲ ਵਧਣ ਦੀ ਲੋੜ ਹੈ। ਇੱਕ ਪਾਸੇ ਤਾਂ ਬਦਲਵੀਆਂ ਫਸਲਾਂ ਦੀ ਖਰੀਦ ਦੀ ਗਰੰਟੀ ਮਿਲਣੀ ਜ਼ਰੂਰੀ ਹੈ ਕਿਉਂਕਿ ਇਸ ਦੀ ਅਣਹੋਂਦ ਵਿਚ ਕਿਸਾਨ ਆਪਣੇ ਸੀਮਤ ਸਾਧਨਾਂ ਕਰ ਕੇ ਝੋਨਾ ਛੱਡ ਕੇ ਹੋਰ ਫਸਲ ਬੀਜਣ ਦਾ ਜੋਖ਼ਿਮ ਨਹੀਂ ਉਠਾ ਸਕਦੇ; ਦੂਜੇ, ਪੰਜਾਬ ਦੇ ਸੁੱਕ ਰਹੇ ਜਮੀਨਦੋਜ਼ ਪਾਣੀ ਦੇ ਸਰੋਤਾਂ ਦੀ ਸੰਭਾਲ ਲਈ ਝੋਨੇ ਦੀ ਫਸਲ ਹੇਠ ਰਕਬਾ ਘੱਟ ਕਰਨ ਤੋਂ ਬਿਨਾਂ ਹੋਰ ਕੋਈ ਚਾਰਾ ਨਹੀਂ ਹੈ।

ਅੱਜ ਦੇ ਦੌਰ ਵਿਚ ਘੱਟੋ-ਘੱਟ ਸਮਰਥਨ ਮੁੱਲ ਦੀ ਵਰਤੋਂ ਕਿਸਾਨਾਂ ਨੂੰ ਸੰਤੁਸ਼ਟ ਕਰਨ ਦੇ ਸਾਧਨ ਵਜੋਂ ਕੀਤੀ ਜਾਂਦੀ ਹੈ ਪਰ ਇਨ੍ਹਾਂ ਬਾਰੇ ਕਿਸੇ ਤਰ੍ਹਾਂ ਦੇ ਦਾਅਵੇ, ਬਿਆਨਬਾਜ਼ੀ ਜਾਂ ਭਰੋਸਾ ਖੇਤੀ ਸੰਕਟ ਨੂੰ ਹੱਲ ਨਹੀਂ ਕਰ ਸਕਦੇ। ਅਸਲ ਵਿਚ ਮੁਲਕ ਦੇ ਕਿਸਾਨ ਹੀ ਆਪਣੇ ਮੁੜ੍ਹਕੇ ਦਾ ਪੂਰਾ ਮੁੱਲ ਨਾ ਮੁੜਨ ਦੇ ਬਾਵਜੂਦ ਇਸ ਦੇ ਹਰ ਨਾਗਰਿਕ ਦੀ ਧਰਤੀ ਤੇ ਹੋਂਦ ਨੂੰ ਯਕੀਨੀ ਬਣਾਉਣ ਵਿਚ ਯੋਗਦਾਨ ਪਾ ਰਹੇ ਹਨ। ਕੇਂਦਰ ਸਰਕਾਰ ਨੂੰ ‘ਸਮਰਥਨ ਮੁੱਲ ਜਾਰੀ ਹੈ ਅਤੇ ਜਾਰੀ ਰਹੇਗਾ’ ’ਤੇ ਪਹਿਰਾ ਦਿੰਦੇ ਹੋਏ, ਢੁਕਵੇਂ ਨੀਤੀ ਫੈਸਲੇ ਕਰਨੇ ਚਾਹੀਦੇ ਹਨ ਅਤੇ ਇਨ੍ਹਾਂ ਫੈਸਲਿਆਂ ਵਿਚੋਂ ਕਿਸਾਨਾਂ ਨੂੰ ਸਰਕਾਰ ਦੀ ਭਰੋਸੇਯੋਗਤਾ ਦੀ ਝਲਕ ਪੈਣੀ ਚਾਹੀਦੀ ਹੈ ਤਾਂ ਜੋ ਉਨ੍ਹਾਂ ਦੀ ਘੱਟੋ-ਘੱਟ ਸਮਰਥਨ ਮੁੱਲ ਤੇ ਫਸਲਾਂ ਦੀ ਖਰੀਦ ਦੀ ਕਾਨੂੰਨੀ ਗਰੰਟੀ ਦੀ ਮੰਗ ਨੂੰ ਅਮਲੀ ਰੂਪ ਦਿੱਤਾ ਜਾ ਸਕੇ।

**ਡਾ. ਬਲਵਿੰਦਰ ਸਿੰਘ ਸਿੱਧੂ**
***ਮੈਂਬਰ ਸਕੱਤਰ, ਪੰਜਾਬ ਰਾਜ ਕਿਸਾਨ ਅਤੇ ਖੇਤੀ ਕਾਮੇ ਕਮਿਸ਼ਨ।**

# ਕਿਸਾਨ ਜਥੇਬੰਦੀਆਂ ਦੀ ਸਿਆਸੀ ਛਾਲ ਦਾ ਸਵਾਲ

ਭਾਰਤ ਦੀਆਂ ਇਤਿਹਾਸਕ ਤਸਵੀਰਾਂ ਨਸ਼ਰ ਕਰਨ ਵਾਲੇ ਮਸ਼ਹੂਰ ਹੈਂਡਲ ਹਿਸਟਰੀਪਿਕਸ ਨੇ ਹਾਲ ਹੀ ਵਿਚ ਕਾਫ਼ੀ ਸਮਾਂ ਪਹਿਲਾਂ ਬੰਦ ਹੋ ਚੁੱਕੇ ਹਿੰਦੀ ਮਾਸਿਕ ਰਸਾਲੇ ‘ਧਰਮਯੁੱਗ’ ਦੀ ਕਵਰ ਸਟੋਰੀ ‘ਅੰਨ ਉਪਜਾਏ ਕਿਸਾਨ! ਭੁੱਖੋ ਮਰੇ ਕਿਸਾਨ!’ (ਸਤੰਬਰ 1972) ਸ਼ੇਅਰ ਕੀਤੀ ਹੈ। ਇਸ ਸਟੋਰੀ ਦਾ ਲਬੋ-ਲਬਾਬ ਇਹ ਸੀ ਕਿ ਮੁਲਕ ਵਾਸਤੇ ਅਨਾਜ ਅਤੇ ਖਾਧ ਖੁਰਾਕ ਪੈਦਾ ਕਰਨ ਵਾਲੇ ਲੋਕੀਂ ਆਪਣੀ ਜ਼ਿੰਦਗੀ ਕਿਵੇਂ ਭੁੱਖਣ-ਭਾਣੇ ਬਿਤਾਉਂਦੇ ਹਨ। ਉਦੋਂ ਹਰੇ ਇਨਕਲਾਬ ਨੂੰ ਸ਼ੁਰੂ ਹੋਇਆ ਪੰਜ ਸਾਲ ਬੀਤ ਚੁੱਕੇ ਸਨ ਅਤੇ ਉੱਤਰ-ਪੱਛਮੀ ਖਿੱਤੇ ਦੇ ਦਲੇਰ ਕਿਸਾਨਾਂ ਨੇ ਮੁਲਕ ਨੂੰ ਨਮੋਸ਼ੀ ਵਾਲੀ ਉਸ ਹਾਲਤ ਵਿਚੋਂ ਬਾਹਰ ਕੱਢ ਲਿਆ ਜਿੱਥੇ ਮੁਲਕ ਦੀ ਵੱਡੀ ਆਬਾਦੀ ਲਈ ਰੱਜਵਾਂ ਖਾਣਾ ਮਿਲਣਾ ਮੁਹਾਲ ਸੀ।



ਤਕਰੀਬਨ ਪੰਜਾਹ ਸਾਲਾਂ ਬਾਅਦ ਦਿੱਲੀ ਦੇ ਦਰਾਂ ਤੇ ਚੱਲ ਰਿਹਾ ਬੇਮਿਸਾਲ ਅੰਦੋਲਨ ਕਿਸਾਨਾਂ ਦੀ ਤਰਸਯੋਗ ਹਾਲਤ ਦਰਸਾ ਰਿਹਾ ਹੈ ਜੋ ਸਾਰੀਆਂ ਔਕੜਾਂ ਮੁਸੀਬਤਾਂ ਦੇ ਹੁੰਦੇ-ਸੁੰਦਿਆਂ ਬਚੇ ਰਹੇ ਅਤੇ ਸਾਲ-ਦਰ-ਸਾਲ ਰਿਕਾਰਡ ਉਤਪਾਦਨ ਕਰ ਕੇ ਦਿੰਦੇ ਰਹੇ ਹਨ। ਪਿਛਲੇ ਕਈ ਸਾਲਾਂ ਤੋਂ ਵਧ ਰਹੇ ਕਰਜ਼ੇ ਦੇ ਜਾਲ ਕਰਕੇ ਖ਼ੁਦਕੁਸ਼ੀਆਂ ਦਾ ਦੌਰ ਆਪਣੇ ਪਿੱਛੇ ਅਣਦੇਖੀ ਅਤੇ ਬੇਰਹਿਮੀ ਦੀਆਂ ਪੈੜਾਂ ਛੱਡ ਰਿਹਾ ਹੈ।

ਨੀਤੀਆਂ ਦਾ ਧਿਆਨ ਫ਼ਸਲਾਂ ਦਾ ਉਤਪਾਦਨ ਵਧਾਉਣ ਤੇ ਕੇਂਦਰਤ ਰਹਿਣ ਕਰਕੇ ਸਮੇਂ ਦੀਆਂ ਸਰਕਾਰਾਂ ਨੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਜ਼ਿੰਦਗੀ ਦੇ ਬੇਹੱਦ ਮਾੜੇ ਹਾਲਾਤ ਵੱਲ ਅੱਖਾਂ ਮੀਟੀ ਰੱਖੀਆਂ ਹਨ। ਇਹ ਹਾਲਾਤ ਉਸ ਨੁਕਸਦਾਰ ਆਰਥਿਕ ਸੋਚ ਦਾ ਸਿੱਟਾ ਸੀ ਜਿਸ ਦਾ ਨਿਸ਼ਾਨਾ ਕਿਸਾਨਾਂ ਨੂੰ ਖੇਤੀਬਾੜੀ ਵਿਚੋਂ ਬਾਹਰ ਕਰ ਕੇ ਉਨ੍ਹਾਂ ਨੂੰ ਸ਼ਹਿਰਾਂ ਦੇ ਦਿਹਾੜੀਦਾਰ ਮਜ਼ਦੂਰਾਂ ਦੀ ਕਤਾਰ ਵਿਚ ਖੜ੍ਹੇ ਕਰਨਾ ਸੀ। ਪਿਛਲੇ ਕਈ ਦਹਾਕਿਆਂ ਤੋਂ ਮੁਲਕ ਦੇ ਕਿਸੇ ਨਾ ਕਿਸੇ ਖਿੱਤੇ ਅੰਦਰ ਕਿਸਾਨਾਂ ਦਾ ਘੋਲ ਚਲ ਰਿਹਾ ਹੈ ਤੇ ਉਹ ਉਚੇਰੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਦੇ ਰੂਪ ਵਿਚ ਆਪਣੀਆਂ ਫ਼ਸਲਾਂ ਦੇ ਨਿਸ਼ਚਤ ਮੁੱਲ ਦੀ ਮੰਗ ਕਰ ਰਹੇ ਹਨ। ਰਹਿ ਰਹਿ ਕੇ ਕਰਜ਼ਾ ਮੁਕਤੀ ਦੀ ਮੰਗ ਵੀ ਉਠਾਈ ਜਾਂਦੀ ਰਹੀ ਹੈ। ਇਹ ਦੋਵੇਂ ਮੰਗਾਂ ਦਰਅਸਲ ਮੁਲਕ ਦੇ ਪਿਰਾਮਿਡ ਦੇ ਤਲ ਤੇ ਪਿਸ ਰਹੀ ਕਿਸਾਨ ਭਾਈਚਾਰੇ ਨੂੰ ਆਰਥਿਕ ਨਿਆਂ ਮੁਹੱਈਆ ਕਰਾਉਣ ਦੀ ਅਣਸਰਦੀ ਲੋੜ ਨੂੰ ਦਰਸਾਉਂਦੀਆਂ ਹਨ ਪਰ ਅਜੇ ਤੱਕ ਕੁਝ ਵੀ ਠੋਸ ਸਾਹਮਣੇ ਨਹੀਂ ਆ ਸਕਿਆ। ਵਾਹ ਲਗਦੀ ਰਾਜਾਂ ਵੱਲੋਂ ਕੋਈ ਆਰਜ਼ੀ ਰਾਹਤ ਦੇ ਕੇ ਰੋਸ ਮੁਜ਼ਾਹਰਿਆਂ ਨੂੰ ਨਜ਼ਰਅੰਦਾਜ਼ ਕਰ ਦਿੱਤਾ ਜਾਂਦਾ ਸੀ। ਇਸ ਦੌਰਾਨ, ਖੇਤੀਬਾੜੀ ਸੰਕਟ ਦੀ ਹਾਲਤ ਹੋਰ ਵੀ ਜ਼ਿਆਦਾ ਨਿੱਘਰਦੀ ਚਲੀ ਗਈ।

ਕੌਮੀ ਅਪਰਾਧ ਰਿਕਾਰਡ ਬਿਊਰੋ (ਐੱਨਸੀਆਰਬੀ) ਮੁਤਾਬਕ 2016 ਵਿਚ ਮੁਲਕ ਭਰ ਵਿਚ ਦਰਜ ਕੀਤੇ ਖੇਤੀ ਰੋਸ ਪ੍ਰਦਰਸ਼ਨਾਂ ਦੀ ਗਿਣਤੀ 4837 ਸੀ, 2017 ਵਿਚ 3300 ਅਤੇ 2018 ਵਿਚ 2008 ਸੀ। ਸੈਂਟਰ ਫਾਰ ਸਾਇੰਸ ਐਂਡ ਐਨਵਾਇਰਨਮੈਂਟ (ਸੀਐੱਸਈ) ਨੇ ਮੀਡੀਆ ਰਿਪੋਰਟਾਂ ਦੇ ਹਵਾਲੇ ਨਾਲ ਅਧਿਐਨ ਵਿਚ ਆਖਿਆ ਹੈ ਕਿ ਮੁਲਕ ਵਿਚ 2017 ਤੋਂ ਲੈ 2021 ਤੱਕ ਵੱਡੇ ਕਿਸਾਨ ਅੰਦੋਲਨਾਂ ਦੀ ਸੰਖਿਆ ਵਿਚ ਪੰਜ ਗੁਣਾ ਵਾਧਾ ਹੋਇਆ ਹੈ। ਇਨ੍ਹਾਂ ਵਿਚੋਂ ਜ਼ਿਆਦਾਤਰ ਅੰਦੋਲਨਾਂ ਵਿਚ ਮੁਕਾਮੀ ਮੁੱਦਿਆਂ ਤੋਂ ਇਲਾਵਾ ਕਿਸਾਨਾਂ ਦੀਆਂ ਆਰਥਿਕ ਦਿੱਕਤਾਂ ਉਭਾਰੀਆਂ ਜਾਂਦੀਆਂ ਹਨ।

ਜਦੋਂ ਇਹ ਕਿਸਾਨ ਅੰਦੋਲਨ ਮੁਲਕ ਦਾ ਧਿਆਨ ਖੇਤੀਬਾੜੀ ਸੰਕਟ ਵੱਲ ਖਿੱਚਣ ਵਿਚ ਸਫ਼ਲ ਨਹੀਂ ਹੋ ਰਹੇ ਸਨ ਤੇ ਇਹ ਜਾਣਦੇ ਹੋਏ ਕਿ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਮਹਿਜ਼ ਵੋਟ ਬੈਂਕ ਦੇ ਤੌਰ ਤੇ ਇਸਤੇਮਾਲ ਕੀਤਾ ਜਾਂਦਾ ਹੈ ਤਾਂ ਕਿਸਾਨ ਆਗੂ ਬਲਵੀਰ ਸਿੰਘ ਰਾਜੇਵਾਲ ਨੇ 2015 ਵਿਚ ਮੈਨੂੰ ਮੁਲਕ ਭਰ ਦੇ ਕਿਸਾਨ ਆਗੂਆਂ ਨੂੰ ਇਕ ਮੰਚ ਤੇ ਇਕੱਤਰ ਕਰਨ ਦੇ ਉਦਮ ਵਿਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਅਸੀਂ ਇਸ ਦੇ ਉਦੇਸ਼ਾਂ ਅਤੇ ਇਸ ਦੇ ਨਾਲ ਹੀ ਚੁਣੌਤੀਆਂ ਬਾਰੇ ਵਿਚਾਰ ਚਰਚਾ ਕੀਤੀ ਤੇ ਇਸ ਉੱਤੇ ਵੀ ਗ਼ੌਰ ਕੀਤਾ ਕਿ ਕਿਸਾਨ ਜਥੇਬੰਦੀਆਂ ਆਮ ਤੌਰ ਤੇ ਜਾਤ, ਧਰਮ ਅਤੇ ਸਿਆਸੀ ਵਿਚਾਰਧਾਰਾਵਾਂ ਦੀਆਂ ਲੀਹਾਂ ਤੇ ਵੰਡੀਆਂ ਹੋਈਆਂ ਹਨ ਤੇ ਉਨ੍ਹਾਂ ਨੂੰ ਇਕਮੁੱਠ ਕਰਨਾ ਕੋਈ ਸੌਖਾ ਕੰਮ ਨਹੀਂ ਹੈ। ਮੁਲਕ ਦੇ ਕਿਸਾਨ ਅੰਦੋਲਨ ਦੇ ਦੋ ਥੰਮ੍ਹਾਂ- ਭਾਰਤੀ ਕਿਸਾਨ ਯੂਨੀਅਨ (ਬੀਕੇਯੂ) ਦੇ ਮਹਿੰਦਰ ਸਿੰਘ ਟਿਕੈਤ ਅਤੇ ਕਰਨਾਟਕ ਰਾਜਯ ਰਿਐਤ ਸੰਘ (ਕੇਆਰਆਰਐੱਸ) ਦੇ ਪ੍ਰੋ. ਐੱਮਡੀ ਨੰਜੁੰਡਾਸਵਾਮੀ ਨੇ ਕੁਝ ਦਹਾਕੇ ਪਹਿਲਾਂ ਸਾਂਝੇ ਕਿਸਾਨ ਮੋਰਚੇ ਦੇ ਵਿਚਾਰ ਨੂੰ ਅੱਗੇ ਲੈ ਕੇ ਆਂਦਾ ਸੀ ਪਰ ਇਹ ਉਦਮ ਕਿਸੇ ਕਾਰਨ ਵਸ ਸਿਰੇ ਨਾ ਚੜ੍ਹ ਸਕਿਆ।

ਮੁਲਕ ਭਰ ਵਿਚ ਫੈਲੀਆਂ ਮੁੱਖ ਕਿਸਾਨ ਯੂਨੀਅਨਾਂ/ਜਥੇਬੰਦੀਆਂ ਦੀ ਨੁਮਾਇੰਦਗੀ ਕਰਨ ਵਾਲੇ 52 ਕਿਸਾਨ ਆਗੂਆਂ ਨੇ ਅਗਸਤ 2015 ਵਿਚ ਚੰਡੀਗੜ੍ਹ ਵਿਚ ਹੋਏ ਤਿੰਨ ਰੋਜ਼ਾ ਸੰਮੇਲਨ ਵਿਚ ਸ਼ਿਰਕਤ ਕੀਤੀ, ਇਨ੍ਹਾਂ ਵਿਚੋਂ ਬਹੁਤੇ ਇਕ ਦੂਜੇ ਨੂੰ ਆਪੋ ਵਿਚ ਜਾਣਦੇ ਵੀ ਨਹੀਂ ਸਨ। ਸ਼ਾਇਦ ਇਹ ਪਹਿਲਾ ਮੌਕਾ ਸੀ ਜਦੋਂ ਵੱਖੋ ਵੱਖਰੀਆਂ ਵਿਚਾਰਧਾਰਾਵਾਂ ਤੇ ਸਿਆਸੀ ਧਿਰਾਂ ਨਾਲ ਸਬੰਧ ਰੱਖਦੇ ਕਿਸਾਨ ਆਗੂ ਇਕੋ ਮੇਜ਼ ਤੇ ਆਹਮੋ-ਸਾਹਮਣੇ ਬੈਠੇ ਸਨ। ਇਸ ਤੋਂ ਬਾਅਦ ਕਿਸਾਨ ਯੂਨੀਅਨਾਂ ਨੂੰ ਇਕਮੁੱਠ ਕਰਨ ਦੇ ਸਵਾਲ ਤੇ ਗਹਿਗੱਚ ਵਿਚਾਰ ਚਰਚਾ ਚੱਲੀ ਅਤੇ ਆਗੂਆਂ ਨੇ ਮਿਲ ਕੇ ਚੱਲਣ ਦੀ ਲੋੜ ਨੂੰ ਪ੍ਰਵਾਨ ਕੀਤਾ ਅਤੇ ਉਹ ਢਿੱਲਾ ਜਿਹਾ ਨੈਟਵਰਕ ਕਾਇਮ ਕਰਨ ਲਈ ਸਹਿਮਤ ਹੋਏ ਜਿਸ ਦਾ ਨਾਂ ‘ਕਿਸਾਨ ਏਕਤਾ’ ਰੱਖਿਆ ਗਿਆ। ਇਸ ਤੋਂ ਵੀ ਅਹਿਮ ਗੱਲ ਇਹ ਸੀ ਕਿ ਚੰਡੀਗੜ੍ਹ ਸੰਮੇਲਨ ਨੇ ਕਿਸਾਨ ਆਗੂਆਂ ਦਰਮਿਆਨ ਮਜ਼ਬੂਤ ਸਾਂਝ ਅਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਨ ਵਿਚ ਮਦਦ ਕੀਤੀ।

ਅਗਲੇ ਤਿੰਨ ਸੰਮੇਲਨ ਬੰਗਲੌਰ, ਅਕੋਲਾ ਅਤੇ ਸ਼ਿਮਲਾ ਵਿਚ ਕੀਤੇ ਗਏ ਜਿਨ੍ਹਾਂ ਵਿਚ ਕੁਝ ਹੋਰਨਾਂ ਕਿਸਾਨ ਆਗੂਆਂ ਤੱਕ ਵੀ ਪਹੁੰਚ ਕਰਨ ਦੀ ਕੋਸ਼ਿਸ਼ ਕੀਤੀ ਗਈ। ਹਾਲਾਂਕਿ ਆਮ ਸਹਿਮਤੀ ਇਹ ਸੀ ਕਿ ਮੁਲਕ ਅੰਦਰ ਕਿਸਾਨ ਅੰਦੋਲਨ ਗ਼ੈਰ ਸਿਆਸੀ ਰੱਖਿਆ ਜਾਣਾ ਚਾਹੀਦਾ ਹੈ ਜਦਕਿ ਕੁਝ ਆਗੂ ਕੋਈ ਸਿਆਸੀ ਪਾਰਟੀ ਕਾਇਮ ਕਰਨ ਦੇ ਧਾਰਨੀ ਸਨ। ਉਨ੍ਹਾਂ ਵਿਚਲੇ ਕੁਝ ਆਗੂਆਂ ਦੀ ਦਲੀਲ ਸੀ ਕਿ ਤਜਰਬਾ ਦਰਸਾਉਂਦਾ ਹੈ ਕਿ ਗ਼ੈਰ ਸਿਆਸੀ ਰਹਿਣ ਨਾਲ ਕਿਸਾਨ ਲਗਾਤਾਰ ਸਿਆਸੀ ਆਗੂਆਂ ਦੇ ਰਹਿਮੋ-ਕਰਮ ਤੇ ਰਹਿੰਦੇ ਹਨ। ਵੋਟ ਬੈਂਕ ਦੀ ਸਿਆਸਤ ਕਿਸਾਨ ਭਾਈਚਾਰੇ ਨੂੰ ਪਾਟੋਧਾੜ ਕਰ ਕੇ ਰੱਖੇਗੀ ਜਿਸ ਕਰਕੇ ਕਿਸਾਨ ਆਗੂਆਂ ਨੂੰ ਕੋਈ ਸਿਆਸੀ ਪਾਰਟੀ ਕਾਇਮ ਕਰਨ ਬਾਰੇ ਸੋਚਣਾ ਚਾਹੀਦਾ ਹੈ।

ਕਿਸਾਨ ਆਗੂ ਇਸ ਦਲੀਲ ਨਾਲ ਸਹਿਮਤ ਤਾਂ ਹੋ ਗਏ ਪਰ ਉਹ ਕੋਈ ਸਿਆਸੀ ਛਾਲ ਲਾਉਣ ਲਈ ਤਿਆਰ ਨਹੀਂ ਸਨ ਜਿਸ ਦੇ ਕਾਰਨ ਉਹ ਭਲੀਭਾਂਤ ਸਮਝਦੇ ਸਨ। ਸ਼ਿਮਲਾ ਸੰਮੇਲਨ ਵੇਲੇ ਟੀਵੀ ਇੰਟਰਵਿਊ ਵੇਲੇ ਜਦੋਂ ਮੈਥੋਂ ਇਹ ਪੁੱਛਿਆ ਗਿਆ ਕਿ ਕੀ ‘ਕਿਸਾਨ ਏਕਤਾ’ ਜਲਦੀ ਹੀ ਸਿਆਸੀ ਪਾਰਟੀ ਦੀ ਸ਼ਕਲ ਵਿਚ ਸਾਹਮਣੇ ਆਵੇਗੀ ਤਾਂ ਮੇਰਾ ਜਵਾਬ ਸੀ ਕਿ ਕਿਸਾਨ ਯੂਨੀਅਨਾਂ ਨੂੰ ਇਕਮੁੱਠ ਕਰਨ ਪਿੱਛੇ ਮੁੱਖ ਮਕਸਦ ਇਹ ਹੈ ਕਿ ਸਿਆਸੀ ਅਮਲ ਨੂੰ ਪ੍ਰਭਾਵਿਤ ਕੀਤਾ ਜਾ ਸਕੇ।

2020 ਦਾ ਸਾਲ ਕਿਸਾਨਾਂ ਦੇ ਸੰਘਰਸ਼ ਦਾ ਵੱਡਾ ਮੋੜ ਸਾਬਿਤ ਹੋਇਆ ਜਦੋਂ ਪੰਜਾਬ ਦੀਆਂ ਵੱਖੋ ਵੱਖਰੇ ਝੁਕਾਵਾਂ ਵਾਲੀਆਂ ਕਿਸਾਨ ਯੂਨੀਅਨਾਂ ਨੇ ਤਿੰਨ ਕੇਂਦਰੀ ਕਾਨੂੰਨਾਂ ਖਿਲਾਫ਼ ਸਾਂਝਾ ਮੁਹਾਜ਼ ਵਿੱਢ ਦਿੱਤਾ। ਇਹ ਅੰਦੋਲਨ ਹੋਰਨਾਂ ਖੇਤਰਾਂ ਵਿਚ ਵੀ ਫੈਲ ਗਿਆ। ਨਾ ਕੇਵਲ ਪੰਜਾਬ ਦੇ ਕਿਸਾਨ ਆਗੂ ਕੌਮੀ ਮੰਜ਼ਰ ਤੇ ਉਭਰ ਕੇ ਸਾਹਮਣੇ ਆਏ ਸਗੋਂ ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਕਿਸਾਨ ਆਗੂ ਵੀ ਉਭਰੇ। ਇਸੇ ਤਰ੍ਹਾਂ ਮੁਲਕ ਦੇ ਵੱਖੋ ਵੱਖਰੇ ਖੇਤਰਾਂ ਵਿਚ ਹੋਰ ਬਹੁਤ ਸਾਰੇ ਖੇਤਰੀ ਆਗੂ ਵੀ ਉਭਰੇ। ਕਿਸਾਨ ਆਗੂਆਂ ਨਾਲ ਸੈਲਫੀਆਂ ਲੈਣ ਵਾਲਿਆਂ ਦਾ ਲੱਗ ਰਿਹਾ ਤਾਂਤਾ ਉਨ੍ਹਾਂ ਦੀ ਹਰਮਨਪਿਆਰਤਾ ਦਾ ਸੂਚਕ ਹੈ।

ਹੁਣ ਜਦੋਂ ਕਿਸਾਨ ਆਗੂ ਮੁਲਕ ਦੇ ਵੱਖ ਵੱਖ ਹਿੱਸਿਆਂ ਅੰਦਰ ਮਹਾਪੰਚਾਇਤਾਂ ਰਾਹੀਂ ਆਪਣਾ ਜਨ ਸੰਪਰਕ ਵਧਾ ਰਹੇ ਹਨ ਤਾਂ ਤਿੰਨ ਕੇਂਦਰੀ ਕਾਨੂੰਨ ਵਾਪਸ ਕਰਾਉਣ ਅਤੇ ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਮਾਨਤਾ ਦਿਵਾਉਣ ਨਾਲ ਜੁੜੇ ਮੁੱਦੇ ਮੁਲਕ ਦੇ ਹਰ ਗਲੀ-ਕੋਨੇ ਤੱਕ ਪਹੁੰਚ ਗਏ ਹਨ। ਇਸ ਤੋਂ ਇਲਾਵਾ ਕਿਸਾਨ ਆਗੂਆਂ ਵਲੋਂ ਹੋਰਨਾਂ ਤਬਕਿਆਂ ਨਾਲ ਰਾਬਤਾ ਵਧਾਉਣ ਦੀਆਂ ਕੋਸ਼ਿਸ਼ਾਂ ਨੂੰ ਵੀ ਬੂਰ ਪੈਣ ਲੱਗਿਆ ਹੈ ਜਿਸ ਦੇ ਯਕੀਨਨ ਸਿਆਸੀ ਸਿੱਟੇ ਸਾਹਮਣੇ ਆਉਣਗੇ। ਕੁਝ ਵੀ ਹੋਵੇ, ਮੁਲਕ ਦੀ ਪੰਜਾਹ ਫ਼ੀਸਦ ਆਬਾਦੀ ਖੇਤੀਬਾੜੀ ਅਤੇ ਇਸ ਦੇ ਸਹਾਇਕ ਧੰਦਿਆਂ ਵਿਚ ਲੱਗੀ ਹੋਈ ਹੈ ਤੇ ਹੁਣ ਮੌਕਾ ਆ ਗਿਆ ਹੈ ਕਿ ਕਿਸਾਨਾਂ ਦੀ ਸਮੂਹਿਕ ਲੀਡਰਸ਼ਿਪ ਆਪਣੀ ਭੂਮਿਕਾ ਬਾਰੇ ਮੁੜ ਵਿਚਾਰ ਕਰੇ ਕਿ ਇਸ ਨੂੰ ਸਿਆਸੀ ਰਾਹ ਅਪਣਾਉਣਾ ਚਾਹੀਦਾ ਹੈ, ਜਾਂ ਫਿਰ ਗ਼ੈਰ ਸਿਆਸੀ ਹੀ ਬਣੇ ਰਹਿਣਾ ਚਾਹੀਦਾ ਹੈ।

ਆਖ਼ਰਕਾਰ, ਉਸ ਨੁਕਸਦਾਰ ਆਰਥਿਕ ਡਿਜ਼ਾਈਨ ਜਿਸ ਨੇ ਇੰਨਾ ਲੰਮਾ ਅਰਸਾ ਵਿਕਾਸ ਦੇ ਨਾਂ ਤੇ ਕਿਸਾਨਾਂ ਨੂੰ ਜਾਣ ਬੁੱਝ ਕੇ ਗ਼ਰੀਬੀ ਦੀ ਜਿਲ੍ਹਣ ਵਿਚ ਫਸਾ ਕੇ ਰੱਖਿਆ ਹੈ, ਨੂੰ ਪੁੱਠਾ ਗੇੜਾ ਦੇਣ ਵਾਸਤੇ ਕਿਸਾਨਾਂ ਦਾ ਸਿਆਸੀ ਮੁਹਾਜ਼ ਤੇ ਤਾਕਤਵਰ ਹੋ ਕੇ ਉਭਰਨਾ ਅਤੇ ਫ਼ੈਸਲੇ ਕਰਨ ਦੇ ਅਮਲ ਵਿਚ ਅਹਿਮ ਕਿਰਦਾਰ ਨਿਭਾਉਣਾ ਜ਼ਰੂਰੀ ਹੈ।

**ਦਵਿੰਦਰ ਸ਼ਰਮਾ**

ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ ‘ਵਰਲਡ ਪੰਜਾਬੀ ਨਿਊਜ਼’ ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ ‘ਵਰਲਡ ਪੰਜਾਬੀ ਨਿਊਜ਼’ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਖੁਦ ਕਰਨ। ‘ਵਰਲਡ ਪੰਜਾਬੀ ਨਿਊਜ਼’ ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- ਸੰਪਾਦਕ

# ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਇੰਟਰਨੈਸ਼ਨਲ ਹਿਊਮਨ ਰਾਈਟਸ ਪੰਜਾਬ ਦੇ ਅਹੁਦੇਦਾਰਾਂ ਨੂੰ ਕੀਤਾ ਗਿਆ ਸਨਮਾਨਿਤ

**ਕਰਤਾਰਪੁਰ ( ਜਸਵੰਤ ਵਰਮਾ, ਦਿਨੇਸ਼ ਕੁਮਾਰ )** ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਅੱਜ ਇੱਕ ਸਮਾਗਮ ਦੌਰਾਨ ਇੰਟਰਨੈਸ਼ਨਲ ਹਿਊਮਨ ਰਾਈਟਸ , ਪੰਜਾਬ ਦੇ ਅਹੁਦੇਦਾਰਾਂ ਸ਼੍ਰੀ ਵਿਕਰਾਂਤ ਰਾਣਾ ( ਡਾਇਰੈਕਟਰ) , ਸ ਓਂਕਾਰ ਸਿੰਘ ਮਿੱਠੂ (ਕੌਂਸਲਰ, ਜਿਲ੍ਹਾ ਜਲੰਧਰ ਦਿਹਾਤੀ ਪ੍ਰਧਾਨ ਇੰਟਰਨੈਸ਼ਨਲ ਹਿਊਮਨ ਰਾਈਟਸ ,ਪੰਜਾਬ ) , ਮਨਿੰਦਰ ਕੌਰ (ਜਿਲ੍ਹਾ ਜੁਆਇੰਟ ਸੈਕਟਰੀ) , ਸੁਰਿੰਦਰ ਰਣਦੇਵ ( ਮੀਡੀਆ ਅਡਵਾਇਜਰ ਪੰਜਾਬ) ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਮੁਕੇਸ਼ ਸ਼ੁਕਲਾ , ਦੀਪਕ ਕੁਮਾਰ ( ਪੱਤਰਕਾਰ) ਸਤਪਾਲ ਸੱਤੀ ( ਸਾਬਕਾ ਕੌਂਸਲਰ) , ਅਸ਼ੋਕ ਕੁਮਾਰ (ਕੌਂਸਲਰ) ਨੂੰ ਵੀ ਸਨਮਾਨਿਤ ਕੀਤਾ ਗਿਆ। ਇੱਥੇ ਇਹ ਜਿੱਕਰਯੋਗ ਹੈ ਕਿ ਪਿਛਲੇ ਦਿਨੀਂ ਵਿਸ਼ਵ ਵਾਤਾਵਰਨ ਦਿਵਸ ਮੌਕੇ ਇੰਟਰਨੈਸ਼ਨਲ ਹਿਊਮਨ ਰਾਈਟਸ ਪੰਜਾਬ ਦੇ ਅਹੁਦੇਦਾਰਾਂ ਅਤੇ ਕਰਤਾਰਪੁਰ ਦੇ ਉਪਰੋਕਤ ਪਤਵੰਤਿਆਂ ਵੱਲੋਂ ਡਾਇਰੈਕਟਰ ਸ਼੍ਰੀ ਵਿਕਰਾਂਤ ਰਾਣਾ ਦੀ ਅਗਵਾਈ ਵਿੱਚ ਕਰਤਾਰਪੁਰ ਆ ਕੇ ਵੱਖ ਵੱਖ ਕਿਸਮਾਂ ਦੇ ਪੌਦੇ ਲਗਾਉਣ, ਪੰਛੀਆਂ ਅਤੇ ਜਾਨਵਰਾਂ ਲਈ ਪਾਣੀ ਦੇ ਕਟੋਰੇ ਅਤੇ ਦਾਣਾ ਰੱਖਣ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਦੀਆਂ ਵਾਤਾਵਰਨ ਸ਼ੁਧਤਾ ਲਈ ਸਹਿਯੋਗ ਪਾਉਣ ਲਈ ਅੱਜ ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਉਨ੍ਹਾਂ ਨੂੰ ਵਾਤਾਵਰਨ ਪ੍ਰੇਮੀ ਦੇ ਸਰਟੀਫਿਕੇਟ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਸ ਜਗਜੀਤ ਸਿੰਘ ਛਾਬੜਾ, ਐਡਵੋਕੇਟ ਪ੍ਰਵੀਨ ਕੁਮਾਰ ਚੋਪੜਾ, ਸ



ਭੁਪਿੰਦਰ ਸਿੰਘ ਮਾਹੀ , ਸਿਤਾਂਸ਼ੂ ਜੋਸ਼ੀ, ਮਾਸਟਰ ਅਮਰੀਕ ਸਿੰਘ, ਜਨਕ ਰਾਜ ਗਿੱਲ, ਸ਼ੰਮੀ ਨਾਹਰ , ਰਾਕੇਸ਼ ਭਾਰਤੀ, ਬਿੱਟੂ ਬਲੈਤੀਆ, ਵਰਿੰਦਰ ਲਵਲੀ , ਆਦਿ ਹਾਜ਼ਰ ਸਨ।



## ਵਿਧਾਇਕ ਨੇ ਡਾ ਅੰਬੇਡਕਰ ਭਵਨ ਲਈ 5 ਲੱਖ ਦੀ ਗ੍ਰਾਂਟ ਸੈਕਸ਼ਨ ਪੱਤਰ ਦਿੱਤਾ

**ਕਰਤਾਰਪੁਰ ( ਜਸਵੰਤ ਵਰਮਾ, ਦਿਨੇਸ਼ ਕੁਮਾਰ)** ਹਲਕਾ ਕਰਤਾਰਪੁਰ ਦੇ ਪਿੰਡ ਨੂਰਪੁਰ ਵਿਖੇ ਡਾ.ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ ਭਵਨ ਦੀ ਉਸਾਰੀ ਲਈ 5 ਲੱਖ ਰੁਪਏ ਦੀ ਗਰਾਂਟ ਦਾ ਸੈਕਸ਼ਨ ਲੈਟਰ ਦਿੰਦੇ ਹੋਏ ਚੋਧਰੀ ਸੁਰਿੰਦਰ ਸਿੰਘ ਐੱਮ ਐੱਲ ਏ ਕਰਤਾਰਪੁਰ।ਅਤੇ ਨਾਲ ਖੜੇ ਪਿੰਡ ਦੇ ਪਤਵੰਤੇ ਸੱਜਣ।

# ਆਟੋ ਡਰਾਈਵਰ ਨੂੰ ਟ੍ਰੈਫਿਕ ਨਿਯਮਾਂ ਅਤੇ ਕੋਰੋਨਾ ਮਹਾਂਮਾਰੀ ਤੋ ਜਾਗਰੂਕ ਕੀਤਾ

**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਜਲੰਧਰ ਦਿਹਾਤੀ ਦੇ ਟਰੈਫਿਕ ਇੰਚਾਰਜ ਇੰਸਪੈਕਟਰ ਅਤੇ ਟਰੈਫਿਕ ਐਜੂਕੇਸ਼ਨ ਸੈੱਲ ਇੰਚਾ. ਏ ਐਸ ਆਈ ਸਤਨਾਮ ਸਿੰਘ ਜੀ ਵਲੋਂ ਕਰਤਾਰਪੁਰ ਵਿਸ਼ਵਕਰਮਾ ਆਟੋ ਅਤੇ ਟੈਂਪੂ ਯੂਨੀਅਨ ਵਿਖੇ ਸੈਮੀਨਾਰ ਲਗਾ ਕੇ ਸਾਰੇ ਡਰਾਇਵਰ ਵੀਰਾਂ ਨੂੰ ਟਰੈਫਿਕ ਨਿਯਮਾਂ ਅਤੇ ਕੋਵਿਡ - 19 ਸਬੰਧੀ ਜਾਗਰੂਕ ਕੀਤਾ ਗਿਆ ਅਤੇ ਆਟੋਆਂ, ਟਰਾਲੀਆਂ, ਟਰੱਕਾਂ, ਟੈਂਪੂਆਂ ਦੇ ਪਿੱਛੇ ਰਿਫਲੈਕਟਰ ਵੀ ਲਗਾਏ ਗਏ। ਇਸ ਸੈਮੀਨਾਰ ਦੌਰਾਨ ਏ ਐਸ ਆਈ ਗੁਰਜੀਤ ਸਿੰਘ ਏ ਐਸ ਆਈ ਰਵਿੰਦਰ ਕੁਮਾਰ ਏ ਐਸ ਆਈ ਕੇਵਕ.ਕ੍ਰਿਸ਼ਨ ਅਤੇ ਐਚ ਸੀ ਜਸਵੀਰ ਸਿੰਘ ਹਾਜਰ ਸਨ।



# ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਸਜਾਏ ਗੁਰਮਤਿ ਸਮਾਗਮ


**ਕਰਤਾਰਪੁਰ (ਜਸਵੰਤ ਵਰਮਾ/ਦਿਨੇਸ਼ ਕੁਮਾਰ)** ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸਹਾਦਤ ਨੂੰ ਸਮਰਪਿਤ ਮਹਾਨ ਸ਼ਹੀਦੀ ਪੁਰਬ ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਕਰਤਾਰਪੁਰ ਵਿਖੇ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਧਾਰਮਿਕ ਜਥੇਬੰਦੀਆਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਖੁੱਲੇ ਪੰਡਾਲ ਵਿੱਚ ਧਾਰਮਿਕ ਸਮਾਗਮ ਅਰੰਭ ਕੀਤੇ ਗਏ। ਅਰੰਭ ਭਾਈ ਬਿਕਰਮਜੀਤ ਸਿੰਘ ਅਤੇ ਭਾਈ ਸੁਖਜਿੰਦਰ ਸਿੰਘ ਹਜੂਰੀ ਰਾਗੀ ਗੁਰਦੁਆਰਾ ਸਾਹਿਬ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਕੀਤੀ। ਇਸ ਮੌਕੇ ਭਾਈ ਜਗਦੀਪ ਸਿੰਘ ਕਥਾ ਵਾਚਕ ਵੱਲੋ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਮਹਾਨ ਸ਼ਹਾਦਤ ਬਾਰੇ ਵਡਮੁੱਲੀ ਜਾਣਕਾਰੀ ਦਿੱਤੀ ਗਈ। ਅਖੀਰ ਵਿੱਚ ਪੰਥ ਦੇ ਮਹਾਨ ਕੀਰਤਨੀਏ ਭਾਈ ਚਰਨਜੀਤ ਸਿੰਘ ਜੀ ਕਰਤਾਰਪੁਰ ਵਾਲਿਆਂ ਨੇ ਆਪਣੀ ਰਸਭਿੰਨੀ ਰਸਨਾ ਤੋਂ ਸੰਗਤਾਂ ਨੂੰ ਗੁਰੂ ਸ਼ਬਦ ਨਾਲ ਜੋੜੀ ਰੱਖਿਆ। ਸਮਾਗਮ ਦੀ ਸਮਾਪਤੀ ਮੌਕੇ ਗ੍ਰੰਥੀ ਭਾਈ ਜਰਨੈਲ ਸਿੰਘ ਵੱਲੋਂ ਅਰਦਾਸ ਕੀਤੀ ਗਈ ਉਪਰੰਤ ਸਹਿਯੋਗੀਆਂ ਨੂੰ ਗੁਰੂ ਘਰ ਵੱਲੋਂ ਸਿਰੋਪਾਓ ਦੀ ਬਖਸ਼ਿਸ਼ ਦਿੱਤੀ ਗਈ। ਸਮਾਗਮ ਦੌਰਾਨ ਭਾਈ ਘਨੂਈਆ ਜੀ ਸੇਵਾ ਸੁਸਾਇਟੀ ਰਜਿ. ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸੰਗਤਾਂ ਨੂੰ ਗੁਰੂ ਕਾ ਲੰਗਰ ਬਹੁਤ ਹੀ ਪਿਆਰ ਤੇ ਸਤਿਕਾਰ ਨਾਲ ਛਕਾਇਆ ਗਿਆ। ਇਸ ਮੌਕੇ ਮੈਨੇਜਰ ਭਾਈ ਲਖਵੰਤ ਸਿੰਘ, ਹਰਦੀਪ ਸਿੰਘ ਅਕਾਊਂਟੈਂਟ, ਜੱਸਾ ਸਿੰਘ ਮੁੰਡਾ ਪਿੰਡ, ਸਰਬਜੀਤ ਸਿੰਘ ਧੂੰਦਾ ਗੁਰਦੁਆਰਾ ਇੰਸਪੈਕਟਰ, ਰਛਪਾਲ ਸਿੰਘ ਮੁੰਡਾ ਪਿੰਡ, ਹਰਪ੍ਰੀਤ ਸਿੰਘ ਸਟੋਰ ਕੀਪਰ, ਅਵਤਾਰ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਤਜਿੰਦਰ ਸਿੰਘ, ਭਾਈ ਮਨਜੀਤ ਸਿੰਘ, ਗੁਰਸਾਗਰ ਸਿੰਘ, ਗੁਰਪ੍ਰੀਤ ਸਿੰਘ, ਤਜਿੰਦਰ ਸਿੰਘ, ਹਰਵਿੰਦਰ ਸਿੰਘ



ਰਿੰਕੂ, ਲਖਵੀਰ ਸਿੰਘ, ਪ੍ਰਿਤਪਾਲ ਸਿੰਘ ਬਸਰਾ, ਪ੍ਰੀਤਪਾਲ ਸਿੰਘ ਬਾਜਵਾ, ਗੁਰਦਿੱਤ ਸਿੰਘ, ਮਨਜੀਤ ਸਿੰਘ, ਨਵਜੋਤ ਸਿੰਘ ਹੁੰਝਣ, ਦਵਿੰਦਰ ਸਿੰਘ, ਮਨਿੰਦਰ ਸਿੰਘ ਮਿੰਦੀ, ਜੈਪਾਲ ਸਿੰਘ ਲਾਲੀ, ਬੀਬੀ ਪਰਮਜੀਤ ਕੌਰ, ਬਲਬੀਰ ਕੌਰ, ਹਰਬੰਸ ਕੌਰ, ਖੁਸ਼ਵਿੰਦਰ ਕੌਰ ਆਦਿ ਸੰਗਤਾਂ ਹਾਜਿਰ ਸਨ।

# ਅੰਮ੍ਰਿਤਸਰ ਰਾਸ਼ਟਰੀ ਮਾਰਗ 'ਤੇ ਆਵਾਰਾ ਪਸ਼ੂ ਤੋਂ ਬਚਦੇ ਹੋਏ ਮੋਟਰਸਾਈਕਲ ਟਰੱਕ ਦੇ ਨਾਲ ਟਕਰਾਇਆ,2 ਦੀ ਮੌਤ

**ਕਰਤਾਰਪੁਰ (ਜਸਵੰਤ ਵਰਮਾ/ਦਿਨੇਸ਼ ਕੁਮਾਰ)** ਐਤਵਾਰ ਦੇਰ ਰਾਤ ਜਲੰਧਰ ਅੰਮ੍ਰਿਤਸਰ ਰਾਸ਼ਟਰੀ ਮਾਰਗ ਤੇ ਮੋਟਰਸਾਈਕਲ ਸਵਾਰ ਦੋ ਲੋਕ ਸੜਕ ਦੇ ਵਿੱਚ ਆਏ ਅਵਾਰਾ ਪਸ਼ੂ ਤੋਂ ਬਚਣ ਦਾ ਬਚਾਅ ਕਰਦੇ ਹੋਏ ਬੇਕਾਬੂ ਹੋਕੇ। ਟਰੱਕ ਦੇ ਨਾਲ ਜਾ ਟਕਰਾਏ ਜਿਸ ਦੇ ਕਾਰਣ ਦੋਨਾਂ ਦੀ ਮੌਕੇ ਤੇ ਹੀ ਮੌਤ ਹੋ ਗਈ ਦੋਨੋਂ ਮ੍ਰਿਤਕ ਬੇਗੋਵਾਲ ਕਪੂਰਥਲਾ ਦੇ ਹਨ। ਇਸ ਸਬੰਧ ਵਿਚ ਏ.ਐੱਸ.ਆਈ ਬਲਵੀਰ ਸਿੰਘ ਨੇ ਦੱਸਿਆ ਕਿ ਐਤਵਾਰ ਦੇਰ ਰਾਤੀਂ 10:30 ਵਜੇ ਟਰੱਕ ਦੇ ਪਿੱਛੇ ਮੋਟਰਸਾਈਕਲ ਟਕਰਾਉਣ ਦੀ ਸੂਚਨਾ ਮਿਲੀ ਸੀ ਅਤੇ ਜਾ ਕੇ ਜਾਣਕਾਰੀ ਹਾਸਲ ਕੀਤੀ ਤੇ ਪਤਾ ਚੱਲਿਆ ਕਿ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ ਦੇ ਵਿੱਚ ਸਕਿਉਰਿਟੀ ਗਾਰਡ ਦੀ ਡਿਊਟੀ ਕਰ ਰਹੇ ਕਮਲਜੀਤ ਪਿੰਡ ਮੰਡ ਤੁਲਾ ਬੇਗੋਵਾਲ ਕਪੂਰਥਲਾ ਅਤੇ ਜਗਜੀਤ ਸਿੰਘ ਪੁੱਤਰ ਮਲਕੀਤ ਸਿੰਘ ਪਿੰਡ ਕੂਕਾ ਪ੍ਰੇਮ ਨਗਰ ਬੇਗੋਵਾਲ ਸਕਿਉਰਿਟੀ ਗਾਰਡ ਦੀ ਡਿਊਟੀ ਖਤਮ ਕਰਨ ਤੋਂ ਬਾਅਦ ਵਾਪਸ ਆਪਣੇ ਪਿੰਡ ਜਾ ਰਹੇ ਸਨ ਕੀ ਰਾਸਤੇ ਦੇ ਵਿੱਚ ਬਿਜਲੀ ਘਰ ਕਰਤਾਰ-ਪੁਰ ਦੇ ਸਰਵਿਸ ਲਾਈਨ ਤੇ ਸੜਕ ਉੱਤੇ ਇਕ ਆਵਾਰਾ ਪਸ਼ੂ ਸਾਹਮਣੇ ਆ ਗਿਆ। ਉਸ ਨੂੰ ਬਚਾਉਣ ਅਤੇ ਆਪਣਾ ਬਚਾਅ ਕਰਦੇ ਹੋਏ ਮੋਟਰਸਾਈਕਲ ਦਾ ਬੈਲੰਸ ਵਿਗੜ ਗਿਆ ਅਤੇ ਸੜਕ ਤੇ ਜਾ ਰਹੇ ਟਰੱਕ ਨਾਲ ਮੋਟਰਸਾਈਕਲ ਜਾ ਟਕਰਾਇਆ ਟੱਕਰ ਇੰਨੀ ਜ਼ੋਰਦਾਰ ਹੋਈ ਕਿ ਦੋਨਾਂ ਦੀ ਮੌਕੇ ਤੇ ਹੀ ਮੌਤ ਹੋ ਗਈ। ਏਐਸਆਈ ਬਲਵੀਰ ਸਿੰਘ ਨੇ ਅੱਗੇ ਦੱਸਿਆ ਕਿ ਪੁਲਸ ਨੇ ਦੋਵਾਂ ਮ੍ਰਿਤਕਾਂ ਦਾ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਸ੍ਰੀ ਗੁਰੂ ਅਰਜਨ ਦੇਵ ਸਕੂਲ ਨੇ ਸ਼ਹੀਦੀ ਗੁਰਪੁਰਬ ਮਨਾਇਆ

**ਕਰਤਾਰਪੁਰ (ਜਸਵੰਤ ਵਰਮਾ/ਦਿਨੇਸ਼ ਕੁਮਾਰ)** ਸ਼ਹੀਦਾਂ ਦੇ ਸਿਰਤਾਜ, ਬਾਣੀ ਦੇ ਬੋਹਿਥ ਪੰਚਮ ਪਿਤਾ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਤੇ ਸ.ਜਤਿੰਦਰ ਸਿੰਘ ਆਸਟ੍ਰੇਲੀਆ ਵਾਲਿਆਂ ਦੀ ਯੋਗ ਅਗਵਾਈ ਵਿੱਚ ਚਲ ਰਹੀ ਸ੍ਰੀ ਸਹਿਜ ਪਾਠ ਸੇਵਾ ਸੰਸਥਾ, ਸ੍ਰੀ ਅੰਮ੍ਰਿਤਸਰ ਦੇ ਮੈਂਬਰ ਭਾਈ ਰਾਜਪਾਲ ਸਿੰਘ ਵੱਲੋਂ ਵਾਤਾਵਰਨ ਪ੍ਰੇਮੀ ਬਾਬਾ ਸੇਵਾ ਸਿੰਘ ਕਾਰਸੇਵਾ, ਖਡੂਰ ਸਾਹਿਬ ਵਾਲਿਆਂ ਦੀ ਦੇਖਰੇਖ ਵਿੱਚ ਚਲ ਰਹੇ ਸ੍ਰੀ ਗੁਰੂ ਅਰਜਨ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਰਤਾਰਪੁਰ (ਜਲੰਧਰ) ਦੇ ਤੀਜੀ ਤੋਂ ਬਾਹਰਵੀਂ ਤਕ ਦੇ ਬੱਚਿਆਂ ਅਤੇ ਸਟਾਫ਼ ਨੂੰ ਔਨਲਾਈਨ ਪੰਚਮ ਪਿਤਾ ਦੇ ਜੀਵਨ, ਗੁਰੂ ਮਹਾਰਾਜ ਦੀ ਸਿੱਖੀ ਪ੍ਰਤੀ ਦੇਣ ਅਤੇ ਸ਼ਹੀਦੀ ਦੇ ਕਾਰਣਾਂ ਬਾਰੇ ਇਕ ਲੈਕਚਰ ਰਾਹੀਂ ਦੱਸਿਆ।ਭਾਈ ਸਾਹਿਬ ਨੇ ਕਿਹਾ ਕਿ ਸਾਨੂੰ ਸਭਨੂੰ ਗੁਰੂ ਸਾਹਿਬ ਦੀਆਂ ਦਿੱਤੀਆਂ ਸਿੱਖਿਆਵਾਂ ਨੂੰ ਆਪਣੀ ਜੀਵਨ ਵਿੱਚ ਗ੍ਰਹਿਣ ਕਰਨਾਂ ਚਾਹੀਦਾ ਹੈ। ਇਸ ਮੌਕੇ ਸਕੂਲ ਡਾਇਰੈਕਟ ਡਾ.ਕਾਲਾ ਸਿੰਘ ਗਹੀਰ ਨੇ ਬੱਚਿਆਂ ਨੂੰ ਬਾਣੀ ਵੱਧ ਤੋਂ ਵੱਧ ਕੰਠ ਕਰਨ ਲਈ ਪ੍ਰੇਰਿਆ। ਸ੍ਰੀ ਸਹਿਜ ਪਾਠ ਸੰਸਥਾ ਦੇ ਬੀਬੀ ਪੂਨਮ ਕੌਰ, ਕਾਰਜਕਾਰੀ ਪ੍ਰਿੰਸੀਪਲ ਮੈਡਮ ਬਲਜੀਤ ਕੌਰ (ਕਾਮਰਸ ਵਿਭਾਗ), ਸ. ਜਗਤਾਰ ਸਿੰਘ ਸਰਾਏ, ਮੈਡਮ ਕੁਲਦੀਪ ਕੌਰ, ਮੈਡਮ ਸੁਮਨਪ੍ਰੀਤ ਕੌਰ, ਮੈਡਮ ਰਜਿੰਦਰ ਕੌਰ ਮੱਲ੍ਹੀ, ਮੈਡਮ ਗੁਰਪ੍ਰੀਤ ਪੰਨੂੰ ਅਤੇ ਸਮੂਹ ਸਟਾਫ਼ ਬੱਚਿਆਂ ਨਾਲ ਔਨਲਾਈਨ ਧਾਰਮਿਕ ਸੈਮੀਨਾਰ ਦਾ ਹਿੱਸਾ ਬਣੇ। ਸੈਮੀਨਾਰ ਦੀ ਸਮਾਪਤੀ ਤੇ ਡਾ.ਕਾਲਾ ਸਿੰਘ ਗਹੀਰ ਨੇ ਸ੍ਰੀ ਸਹਿਜ ਪਾਠ ਸੇਵਾ ਸੰਸਥਾ ਦੇ ਭਾਈ ਰਾਜਪਾਲ ਸਿੰਘ ਦਾ ਧੰਨਵਾਦ ਕੀਤਾ ਤੇ ਕਿਹਾ



ਕਿ ਅਸੀ ਆਸ ਕਰਦੇ ਹਾਂ ਕਿ ਆਪ ਅੱਗੇ ਤੌਂ ਵੀ ਇਸ ਤਰਾਂ ਦੇ ਧਾਰਮਿਕ ਸੈਮੀਨਾਰ ਲਗਾਕੇ ਬੱਚਿਆਂ ਨੂੰ ਸਿੱਖੀ ਦੇ ਮਹਾਨ ਵਿਰਸੇ ਬਾਰੇ ਦੱਸਦੇ ਰਹੋਗੇ।

## ਡਾਕਟਰ ਤੇ ਸਟਾਫ ਉਤੇ ਹਸਪਤਾਲ ਵਿੱਚ ਬਲਾਤਕਾਰ ਕਰਨ ਦਾ ਦੋਸ਼, ਪੀੜਤ ਦੀ ਮੌਤ




**ਅਮੇਠੀ।** ਲਖਨਊ ਦੇ ਇੱਕ ਹਸਪਤਾਲ ਵਿੱਚ ਔਰਤ ਦੀ ਕੁੱਟਮਾਰ ਅਤੇ ਬਲਾਤਕਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਤੋਂ ਅਗਲੇ ਦਿਨ ਪੀੜਤਾ ਦੀ ਮੌਤ ਹੋ ਗਈ। ਜ਼ਿਲ੍ਹਾ ਮੈਜਿਸਟਰੇਟ ਨੇ ਇਸ ਮਾਮਲੇ ਦੀ ਜਾਂਚ ਲਈ ਟੀਮ ਦਾ ਗਠਨ ਕਰ ਦਿੱਤਾ ਹੈ।

ਮ੍ਰਿਤਕ ਔਰਤ ਦੀ ਧੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਚਾਲੀ ਸਾਲਾ ਮਾਂ ਗੌਰੀਗੰਜ ਦੇ ਜੁਆਇੰਟ ਡਿਸਟ੍ਰਿਕਟ ਹਸਪਤਾਲ ਵਿੱਚ ਛੇ ਜੂਨ ਤੋਂ ਦਾਖਲ ਸੀ। ਉਸ ਦੀ ਸਿਹਤ ਲਗਾਤਾਰ ਖਰਾਬ ਹੋਣ ਕਾਰਨ ਉਸ ਨੂੰ ਰਾਮ ਮਨੋਹਰ ਲੋਹੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਵਿੱਚ ਦਾਖਲ ਕਰਵਾਇਆ ਗਿਆ। ਉਸ ਦੀ ਮਾਂ ਨੂੰ ਐਮਰਜੈਂਸੀ ਵਿੱਚ ਰੱਖਣ ਪਿੱਛੋਂ ਵਾਰਡ ਵਿੱਚ ਭੇਜ ਦਿੱਤਾ ਗਿਆ, ਪਰ ਕਿਸੇ ਪਰਵਾਰਕ ਮੈਂਬਰ ਨੂੰ ਉਸ ਨੂੰ ਮਿਲਣ ਨਹੀਂ ਦਿੱਤਾ ਗਿਆ। ਉਹ ਕਿਸੇ ਤਰ੍ਹਾਂ ਮਾਂ ਨੂੰ ਮਿਲਣ ਗਈ ਤਾਂ ਮਾਂ ਨੇ ਦੱਸਿਆ ਕਿ ਡਾਕਟਰ ਅਤੇ ਸਟਾਫ ਮੈਂਬਰ ਨੇ ਉਸ ਦੀ ਕੁੱਟਮਾਰ ਕੀਤੀ ਤੇ ਬਲਾਤਕਾਰ ਕੀਤਾ ਹੈ। ਉਸ ਤੋਂ ਬਾਅਦ ਹਸਪਤਾਲ ਨੇ ਉਸ ਦੀ ਬੇਹੋਸ਼ ਮਾਂ ਨੂੰ ਡਿਸਚਾਰਜ ਕਰ ਦਿੱਤਾ।ਹਸਪਤਾਲ ਪ੍ਰਬੰਧਕਾਂ ਨੇ ਬਲਾਤਕਾਰਦੇ ਦੋਸ਼ ਨੂੰ ਰੱਦ ਕਰ ਕੇ ਕਿਹਾ ਕਿ ਬਲੈਕ ਫੰਗਸ ਕਾਰਨ ਔਰਤ ਨੂੰ ਦੂਜੇ ਹਸਪਤਾਲ ਭੇਜਿਆ ਗਿਆ, ਪਰ ਉਸ ਦੀ ਰਸਤੇ ਵਿੱਚ ਮੌਤ ਹੋ ਗਈ। ਲੜਕੀ ਨੇ ਇਹ ਮਾਮਲਾ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਦੇ ਧਿਆਨ ਵਿੱਚ ਲਿਆਂਦਾ, ਜਿਨ੍ਹਾਂ ਨੇ ਜਿਲ੍ਹਾ ਮੈਜਿਸਟਰੇਟ ਨੂੰ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ।

## ਸੱਤ ਸਾਲ ਦੀ ਦੋਸਤੀ ਪਿੱਛੋਂ ਗੁਰੂਗ੍ਰਾਮ ਵਿੱਚ ਦੋ ਲੜਕੀਆਂ ਦਾ ਇੱਕ-ਦੂਸਰੇ ਨਾਲ ਵਿਆਹ

**ਗੁਰੂਗ੍ਰਾਮ।** ਦੋ ਲੜਕੀਆਂ ਦੀ ਸੱਤ ਸਾਲਾ ਦੋਸਤੀ ਪਿਆਰ ਵਿੱਚ ਬਦਲ ਗਈ ਅਤੇ ਦੋਵਾਂ ਨੇ ਵਿਆਹ ਕਰ ਕੇ ਇੱਕ ਦੂਸਰੇ ਨਾਲ ਜੀਉਣ-ਮਰਨ ਦਾ ਵਾਅਦਾ ਕਰ ਲਿਆ। ਹਰਿਆਣਾ ਦੇ ਗੁਰੂਗ੍ਰਾਮ ਅਤੇ ਝੱਜਰ ਜ਼ਿਲ੍ਹੇ ਦੀਆਂ ਦੋ ਲੜਕੀਆਂ ਨੇ ਸੋਹਨਾ ਦੇ ਇੱਕ ਮੰਦਰ ਵਿੱਚ ਵਿਆਹ ਕਰ ਲਿਆ ਹੈ। ਪੁਲਸ ਮੁਤਾਬਕ ਗੁਰੂਗ੍ਰਾਮ ਦੇ ਪਟੌਦੀ ਇਲਾਕੇ ਦੀ ਰਹਿਣ ਵਾਲੀ ਵੀਹ ਸਾਲ ਦੀ ਲੜਕੀ ਦੀ ਝੱਜਰ ਦੇ ਸਕੂਲ ਵਿੱਚ ਪੜ੍ਹਨ ਦੌਰਾਨ 19 ਸਾਲ ਦੀ ਲੜਕੀ ਨਾਲ ਦੋਸਤੀ ਹੋ ਗਈ ਸੀ। ਦੋਵੇਂ ਪਿਛਲੇ ਸੱਤ ਸਾਲਾਂ ਤੋਂ ਦੋਸਤ ਹਨ। ਦੋਵਾਂ ਲੜਕੀਆਂ ਨੇ ਆਪਸੀ ਸਹਿਮਤੀ ਨਾਲ ਸ਼ੁੱਕਰਵਾਰ ਨੂੰ ਸੋਹਨਾ ਦੇ ਇੱਕ ਮੰਦਰ ਵਿੱਚ ਹਿੰਦੂ ਰੀਤੀ-ਰਿਵਾਜਾਂ ਨਾਲ ਵਿਆਹ ਕਰ ਲਿਆ। ਗੁਰੂਗ੍ਰਾਮ ਦੇ ਪਟੌਦੀ ਖੇਤਰ ਦੀ ਲੜਕੀ ਪਤਨੀਬਣੀ, ਜਦ ਕਿ ਝੱਜਰ ਦੀ ਲੜਕੀ ਪਤੀ ਬਣੀ ਹੈ। ਦੋਵਾਂ ਨੇ ਪਹਿਲਾਂ ਆਪਣੇ ਪਰਵਾਰਕ ਮੈਂਬਰਾਂ ਨੂੰ ਵਿਆਹ ਕਰਨ ਦੀ ਇੱਛਾ ਦੱਸੀ ਤਾਂ ਉਨ੍ਹਾਂ ਨੇ ਇੱਕ ਦੂਸਰੇ ਨੂੰ ਭੁੱਲ ਜਾਣ ਲਈ ਕਿਹਾ ਅਤੇ ਦੱਸਿਆ ਕਿ ਇਹ ਸਮਾਜ ਦੇ ਖਿਲਾਫ ਹੈ। ਇਸ ਦੇ ਬਾਅਦ ਪਟੌਦੀ ਦੀ ਲੜਕੀ ਦਸ ਦਿਨ ਪਹਿਲਾਂ ਲਾਪਤਾ ਹੋ ਗਈ, ਜਿਸ ਪਿੱਛੋਂ ਉਸ ਦੇ ਪਿਤਾ ਨੇ ਪੁਲਸ ਵਿੱਚ ਗੁੰਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ। ਪੁਲਸ ਨੇ ਸ਼ਨੀਵਾਰ ਨੂੰ ਲੜਕੀ ਦਾ ਪਤਾ ਲਾਇਆ ਤਾਂ ਉਸ ਨੇ ਖੁਲਾਸਾ ਕੀਤਾ ਕਿ ਉਸ ਨੇ ਆਪਣੀ ਦੋਸਤ ਨਾਲ ਵਿਆਹ ਕਰ ਲਿਆ ਹੈ।



ਹੇਲਿਨਮਡੀ ਪੁਲਸ ਚੌਕੀ ਦੇ ਇੰਚਾਰਜ ਮਹੇਸ਼ ਕੁਮਾਰ ਨੇ ਦੱਸਿਆ ਕਿ ਦੋਵਾਂ ਲੜਕੀਆਂ ਨੂੰ ਸ਼ਨੀਵਾਰ ਪਟੌਦੀ ਦੀ ਇੱਕ ਸਥਾਨਕ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਉਨ੍ਹਾਂ ਨੇ ਅਦਾਲਤ ਨੂੰ ਦੱਸਿਆ ਕਿ ਉਹ ਬਾਲਗ ਹਨ ਤੇ ਉਨ੍ਹਾਂ ਨੇ ਇੱਕ ਮੰਦਰ ਵਿੱਚ ਵਿਆਹ ਕੀਤਾ ਹੈ। ਲੜਕੀਆਂ ਦੇ ਪਰਵਾਰਕ ਮੈਂਬਰਾਂ ਨੇ ਉਨ੍ਹਾਂ ਨੂੰ ਮਨਾਉਣ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਨੇ ਅਜਿਹਾ ਨਹੀਂ ਕੀਤਾ ਅਤੇ ਦੋਵਾਂ ਨੇ ਇਕੱਠੇ ਰਹਿਣ ਦਾ ਫੈਸਲਾ ਕੀਤਾ।

# ਪਤਨੀ ਦੇ ਨਾਜਾਇਜ਼ ਸੰਬੰਧਾਂ ਤੋਂ ਪ੍ਰੇਸ਼ਾਨ ਪਤੀ ਵੱਲੋਂ ਖੁਦਕੁਸ਼ੀ

**ਗੁਰੂ ਹਰਸਹਾਇ।** ਪਤਨੀ ਦੇ ਨਾਜਾਇਜ਼ ਸੰਬੰਧਾਂ ਤੋਂ ਪ੍ਰੇਸ਼ਾਨ ਵਿਅਕਤੀ ਵੱਲੋਂ ਆਤਮਹੱਤਿਆ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਬਾਰੇ ਥਾਣਾ ਗੁਰੂਹਰਸਹਾਏ ਪੁਲਸ ਨੇ ਮ੍ਰਿਤਕ ਦੇ ਬੇਟੇ ਦੇ ਬਿਆਨ ਉੱਤੇ ਮਹਿਲਾ ਅਤੇ ਉਸ ਦੇ ਆਸ਼ਿਕ ਦੇ ਖਿਲਾਫ ਕੇਸ ਦਰਜ ਕਰ ਲਿਆ ਹੈ।ਇਸ ਬਾਰੇ ਥਾਣਾ ਗੁਰੂਹਰਸਹਾਇ ਦੇ ਸਹਾਇਕ ਇੰਸਪੈਕਟਰ ਮਹਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਖਵੀਰ ਸਿੰਘ ਪੁੱਤਰ ਜੀਤ ਸਿੰਘ ਨੇ ਬਿਆਨ ਦਿੱਤੇ ਹਨ ਕਿ ਉਸਦੀ ਮਾਂ ਨਸੀਬ ਕੌਰ ਲੁਕਾਅ ਕੇ ਰੱਖੇ ਮੋਬਾਈਲ ਫੋਨਉੱਤੇ ਕਿਸੇ ਨਾਲ ਗੱਲ ਕਰ ਰਹੀ ਸੀ, ਜਿਸ ਦੀ ਜਾਣਕਾਰੀ ਉਸ ਦੇ ਪਿਤਾ ਨੂੰ ਲੱਗ ਗਈ ਤੇ ਉਸ ਨੇ ਨਸੀਬ ਕੌਰ ਦੇ ਨਾਲ ਝਗੜਾ ਕੀਤਾ। ਇਸ ਦੇ ਬਾਅਦ ਉਸ ਦੀ ਮਾਂ ਨਸੀਬ ਕੌਰ ਪੇਕੇ ਚਲੀ ਗਈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਸਾਰੀ ਗੱਲ ਉਸ ਦੇ ਪਿਤਾ ਜੀਤ ਸਿੰਘ ਨੇ ਉਸ ਨੂੰ ਫੋਨ ਉੱਤੇ ਦੱਸੀਤੇ ਕਿਹਾ ਕਿ ਮੈਂ ਝੰਡੂਵਾਲਾ ਜਾ ਰਿਹਾ ਹਾਂ, ਤੂੰ ਵੀ ਉਥੇ ਆ ਜਾਣਾ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਜਦ ਝੰਡੂਵਾਲਾ ਪਹੁੰਚਿਆ ਤਾਂ ਉਸ ਦੇ ਪਿਤਾ ਨੇ ਆਤਮਹੱਤਿਆ ਕਰ ਲਈ ਸੀ। ਕੇਸ ਦੇ ਜਾਂਚ ਅਧਿਕਾਰੀ ਮਹਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਔਰਤ ਅਤੇ ਉਸ



ਦੇ ਅਣਪਛਾਤੇ ਆਸ਼ਿਕ ਦੇ ਖਿਲਾਫ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪੱਠੇ ਵੱਢ ਰਹੇ ਇਕਵਿਅਕਤੀ ਦੀ ਕੁੱਟਮਾਰ ਕਰਕੇ ਜ਼ਖਮੀਂ ਕਰਨ ਦੇ ਦੋਸ਼ ਵਿਚ ਪੁਲਿਸ ਨੇ 4 ਲੋਕਾਂ ਖਿਲਾਫ ਕੀਤਾ ਮੁਕਦਮਾ ਦਰਜ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ):** ਥਾਣਾ ਘੱਲਖੁਰਦ ਦੇ ਅਧੀਨ ਆਉਂਦੇ ਪਿੰਡ ਭੰਬਾ ਲੰਡਾ ਵਿਖੇ ਖੇਤਾਂ ਵਿਚ ਪੱਠੇ ਵੱਢ ਰਹੇ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਜ਼ਖਮੀਂ ਕਰਨ ਦੇ ਦੋਸ਼ ਵਿਚ ਪੁਲਿਸ ਨੇ 4 ਲੋਕਾਂ ਖਿਲਾਫ 323, 506, 34 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਗੁਰਬਿੰਦਰ ਸਿੰਘ ਪੁੱਤਰ ਗੁਰਬੀਰ ਸਿੰਘ ਵਾਸੀ ਪਿੰਡ ਭੰਬਾ ਲੰਡਾ ਨੇ ਦੱਸਿਆ ਕਿ ਮਿਤੀ 9 ਜੂਨ 2021 ਨੂੰ ਉਹ ਆਪਣੇ ਖੇਤਾਂ ਵਿਚ ਪੱਠੇ ਵੱਢ ਰਿਹਾ ਸੀ ਤਾਂ ਦੋਸ਼ੀਅਨ ਬਚਿੱਤਰ ਸਿੰਘ ਪੁੱਤਰ ਗੁਰਦੇਵ ਸਿੰਘ, ਪ੍ਰਦੀਪ ਕੌਰ ਪਤਨੀ ਬਚਿੱਤਰ ਸਿੰਘ ਵਾਸੀਅਨ ਭੰਬਾ ਲੰਡਾ, ਬਲਵਿੰਦਰ ਸਿੰਘ ਵਾਸੀ ਮਨਸੂਰ ਵਾਲ ਤਹਿ. ਜ਼ੀਰਾ, ਬਲਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਬੋਤੀਆਂ ਵਾਲਾ ਤਹਿਸੀਲ ਜ਼ੀਰਾ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ ਅਤੇ ਧਮਕੀਆਂ ਦਿੱਤੀਆਂ। ਗੁਰਬਿੰਦਰ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਚੱਲ ਰਿਹਾ ਹੈ। ਵਜਾ ਰੰਜ਼ਿਸ਼ ਹੈ ਕਿ ਦੋਸ਼ੀਅਨ ਜੋ ਉਸ ਦੇ ਦਾਦੇ ਦੀ 4 ਕਿੱਲੇ ਜ਼ਮੀਨ ਵਿਚੋਂ ਹਿੱਸਾ ਮੰਗਦੇ ਸਨ, ਜਿਸ ਕਰਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਧਰਮਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# 8 ਮੋਟਰਸਾਇਕਲ ਸਵਾਰਾਂ ਨੇ ਖੋਹਿਆ ਮੋਟਰਸਾਇਕਲ ਤੇ ਮੋਬਾਇਲ ਫੋਨ ਮਾਮਲਾ ਦਰਜ

**ਫਿਰੋਜ਼ਪੁਰ ( ਅਸ਼ੋਕ ਭਾਰਦਵਾਜ):** ਵਿਧਾਨ ਸਭਾ ਹਲਕਾ ਜ਼ੀਰਾ ਦੇ ਅਧੀਨ ਆਉਂਦੇ ਪਿੰਡ ਲਹਿਰਾ ਰੋਹੀ ਲਿੰਕ ਰੋਡ 'ਤੇ 4 ਮੋਟਰਸਾਈਕਲ 'ਤੇ 8 ਸਵਾਰਾਂ ਨੇ ਦੋ ਵਿਅਕਤੀਆਂ ਕੋਲੋਂ ਇਕ ਮੋਟਰਸਾਈਕਲ ਤੇ ਮੋਬਾਇਲ ਫੋਨ ਖੋਹਣ ਦੀ ਖਬਰ ਮਿਲੀ ਹੈ। ਇਸ ਸਬੰਧ ਵਿਚ ਥਾਣਾ ਜ਼ੀਰਾ ਪੁਲਿਸ ਨੇ 8 ਅਣਪਛਾਤੇ ਵਿਅਕਤੀਆਂ ਖਿਲਾਫ 379 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਦਵਿੰਦਰ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਲਹਿਰਾ ਰੋਹੀ ਨੇ ਦੱਸਿਆ ਕਿ ਮਿਤੀ 10 ਜੂਨ 2021 ਨੂੰ ਉਹ ਆਪਣੇ ਮੋਟਰਸਾਈਕਲ ਤੇ ਸਵਾਰ ਹੋ ਕੇ ਸਮੇਤ ਆਪਣੇ ਦੋਸਤ ਹਰਦੀਪ ਸਿੰਘ ਪੁੱਤਰ ਰੇਸ਼ਮ ਸਿੰਘ ਵਾਸੀ ਲਹਿਰਾ ਰੋਹੀ ਨਾਲ ਜ਼ੀਰਾ ਤੋਂ ਆਪਣੇ ਪਿੰਡ ਲਹਿਰਾ ਰੋਹੀ ਜੀਟੀ ਰੋਡ ਤੋਂ ਸੜਕ ਨਹਿਰ ਦੇ ਨਾਲ ਜਾਂਦੀ ਹੈ, ਉਸ 'ਤੇ ਜਾ ਰਹੇ ਸੀ ਜਦ ਪੁਲ ਤੋਂ ਮੁੜ ਕੇ ਥੋੜ੍ਹਾ ਅੱਗੇ ਗਏ ਤਾਂ 4 ਮੋਟਰਸਾਈਕਲਾਂ ਤੇ 8 ਅਣਪਛਾਤੇ ਵਿਅਕਤੀਆਂ ਨੇ ਉਨ੍ਹਾਂ ਦੇ ਮੋਟਰਸਾਈਕਲ ਅੱਗੇ ਮੋਟਰਸਾਈਕਲਾਂ ਨੂੰ ਲਾ ਕੇ ਰੋਕ ਲਿਆ ਤੇ ਧੱਕਾ ਮਾਰ ਕੇ ਉਸ ਨੂੰ ਮੋਟਰਸਾਈਕਲ ਤੋਂ ਥੱਲੇ ਡੇਗ ਦਿੱਤਾ। ਦਵਿੰ-ਦਰ ਸਿੰਘ ਨੇ ਦੱਸਿਆ ਕਿ ਉਹ ਡਰਦਾ ਮਾਰਾ ਭੱਜ ਗਿਆ ਤੇ ਉਸ ਦੇ ਦੋਸਤ ਦੀ ਪੇਂਟ ਦੀ ਜੇਬ ਵਿਚੋਂ ਮੋਬਾਇਲ ਫੋਨ ਮਾਰਕਾ ਰੈਡਮੀ ਨੋਟ 9 ਪਰੋ ਝਪਟ ਮਾਰ ਕੇ ਖੋਹ ਲਿਆ ਤੇ ਉਸ ਦਾ ਮੋਟਰਸਾਈਕਲ ਐੱਚਐੱਫ ਡੀਲਕਸ ਨੰਬਰ 47 ਈ 5553 ਭਜਾ ਕੇ ਲੈ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ 8 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

# ਰਿਸ਼ਵਤ ਲੈਣ ਦੇ ਮਾਮਲੇ ’ਚ 18 ਕਰਮਚਾਰੀ ਕਾਬੂ

**ਚੰਡੀਗੜ (ਦੀਪਕ ਸਰਮਾ)** ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਮਈ ਮਹੀਨੇ ਵਿਚ ਵੱਖ-ਵੱਖ ਤਰਾਂ ਦੇ ਰਿਸਵਤਖੋਰੀ ਦੇ 12 ਮਾਮਲਿਆਂ ਵਿਚ 18 ਸਰਕਾਰੀ ਕਰਮਚਾਰੀਆਂ ਅਤੇ 4 ਪ੍ਰਾਈਵੇਟ ਵਿਅਕਤੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਇਸ ਵਿਚ ਪੁਲਸ, ਮਾਈਨਿੰਗ ਅਤੇ ਸਿਹਤ ਵਿਭਾਗ ਦੇ 3-3 ਕਰਮਚਾਰੀ ਸ਼ਾਮਲ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੀਫ਼ ਡਾਇਰੈਕਟਰ-ਕਮ-ਡੀ.ਜੀ.ਪੀ. ਵਿਜੀਲੈਂਸ ਬਿਊਰੋ ਪੰਜਾਬ ਬੀ.ਕੇ. ਉੱਪਲ ਨੇ ਕਿਹਾ ਕਿ ਬਿਊਰੋ ਨੇ ਇਸ ਸਮੇਂ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹੋਰਾਂ ਦਰਮਿਆਨ ਹਰ ਖੇਤਰ ਵਿਚ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਠੋਸ ਕੋਸ਼ਿਸ਼ਾਂ ਕੀਤੀਆਂ ਹਨ। ਉਨਾਂ ਦੱਸਿਆ ਕਿ ਬਿਊਰੋ ਨੇ ਮਈ ਮਹੀਨੇ ਦੌਰਾਨ ਵੱਖ-ਵੱਖ ਅਦਾਲਤਾਂ ਵਿਚ ਵਿਜੀਲੈਂਸ ਵੱਲੋਂ 13 ਮੁਕੱਦਮਿਆਂ ’ਚ ਚਲਾਨ ਦਾਖਲ ਕੀਤੇ ਗਏ। ਇਸ ਸਮੇਂ ਦੌਰਾਨ ਭ੍ਰਿਸਟਾਚਾਰ ਦੇ ਮਾਮਲਿਆਂ ਦੀ ਪੂਰੀ ਡੂੰਘਾਈ ਨਾਲ ਜਾਂਚ ਲਈ 5 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ। ਇਸ ਤੋਂ ਇਲਾਵਾ ਵਿਜੀਲੈਂਸ ਪੜਤਾਲਾਂ ਦੇ ਆਧਾਰ ’ਤੇ 8 ਨਵੇਂ ਮੁਕੱਦਮੇ ਵੀ ਦਰਜ ਕੀਤੇ ਗਏ ਹਨ।



# ਡਾ. ਮਨਜੀਤ ਸਿੰਘ ਢਿੱਲੋਂ ਦੀ ਨਰਸਿੰਗ ਕਾਲਜਾਂ ਨੂੰ ਆਉਂਦੀਆਂ ਮੁਸ਼ਕਿਲਾਂ ਸਬੰਧੀ ਮੰਤਰੀ ਨਾਲ ਮੁਲਾਕਾਤ

## ਮੰਤਰੀ ਓ.ਪੀ. ਸੋਨੀ ਨੇ ਕਾਲਜਾਂ ਦੀਆਂ ਸਮੱਸਿਆਵਾਂ ਹੱਲ ਕਰਨ ਦਾ ਦਿੱਤਾ ਭਰੋਸਾ !

**ਕੋਟਕਪੂਰਾ।** ਨਰਸਿੰਗ ਟ੍ਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਪ੍ਰਧਾਨਗੀ ਦਾ ਚਾਰਜ ਸੰਭਾਲਣ ਤੋਂ ਬਾਅਦ ਅੱਜ ਓ.ਪੀ. ਸੋਨੀ ਕੈਬਨਿਟ ਮੰਤਰੀ ਮੈਡੀਕਲ ਐਜੂਕੇਸ਼ਨ ਪੰਜਾਬ ਨਾਲ ਉਨਾ ਦੇ ਚੰਡੀਗੜ ’ਚ ਸਥਿੱਤ ਦਫ਼ਤਰ ਵਿੱਚ ਮੁਲਾਕਾਤ ਕਰਕੇ ਨਰਸਿੰਗ ਕਾਲਜਾਂ ਦੇ ਮਾਲਕਾਂ, ਸੰਚਾਲਕਾਂ ਅਤੇ ਸਟਾਫ ਨੂੰ ਆ ਰਹੀਆਂ ਮੁਸ਼ਕਿਲਾਂ ਤੋਂ ਜਾਣੂ ਕਰਵਾਇਆ। ਮੰਤਰੀ ਓ.ਪੀ. ਸੋਨੀ ਨੇ ਡਾ. ਢਿੱਲੋਂ ਪ੍ਰਧਾਨ ਬਣਨ ’ਤੇ ਵਧਾਈ ਦਿੱਤੀ ਤਾਂ ਡਾ ਢਿੱਲੋਂ ਨੇ ਵੀ ਮੰਤਰੀ ਦਾ ਸ਼ੁਕਰੀਆ ਕੀਤਾ। ਡਾ ਢਿੱਲੋਂ ਨੇ ਦੱਸਿਆ ਕਿ ਨਰਸਿੰਗ ਕਾਲਜਾਂ ਅਤੇ ਵਿਦਿਆਰਥਣਾ ਦਾ ਕਰੋਨਾ ਵਾਇਰਸ ਦੀ ਕਰੋਪੀ ਦੇ ਸੰਕਟ ਦੌਰਾਨ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਵੱਡਮੁੱਲਾ ਯੋਗਦਾਨ ਰਿਹਾ ਹੈ। ਉਨਾ ਦੱਸਿਆ ਕਿ ਨਰਸਿੰਗ ਦੀ ਪੜਾਈ ਕਰ ਰਹੀਆਂ ਵਿਦਿਆਰਥਣਾ ਨੇ ਕੋਵਿਡ ਦੇ ਸੰਕਟ ਸਮੇਂ ਜਿੱਥੇ ਲੋੜਵੰਦਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ, ਉੱਥੇ ਕਈ ਦੁਖੀਆ ਤੇ ਬੇਸਹਾਰਾ ਲੋਕਾਂ ਦਾ ਸਹਾਰਾ ਵੀ ਬਣੀਆਂ। ਡਾ ਢਿੱਲੋਂ ਨੇ ਮੰਤਰੀ ਨੂੰ ਦੱਸਿਆ ਕਿ ਨਰਸਿੰਗ ਕਾਲਜਾਂ ਦੀ ਕਰੋੜਾਂ ਰੁਪਏ ਦੀ ਸਕਾਲਰਸ਼ਿਪ ਸਕੀਮ ਵਾਲੀ ਰਕਮ ਬਕਾਇਆ ਹੋਣ ਕਰਕੇ ਕਾਲਜਾਂ ਦੇ ਮਾਲਕਾਂ, ਸੰਚਾਲਕਾਂ ਅਤੇ ਸਟਾਫ ਨੂੰ ਦਿੱਕਤਾਂ ਆਉਣੀਆਂ ਸੁਭਾਵਿਕ ਹਨ, ਕਿਉਂਕਿ ਕਰੋਨਾ ਵਾਇਰਸ ਦੀ ਕਰੋਪੀ ਕਾਰਨ ਦੇਸ਼ ਭਰ ਦੇ ਸਕੂਲ-ਕਾਲਜ ਬੰਦ ਰਹਿਣ ਨਾਲ ਹੋਏ ਨੁਕਸਾਨ ਦਾ ਖਮਿਆਜਾ ਵੀ ਕਾਲਜ ਪ੍ਰਬੰਧਕਾਂ ਨੂੰ ਭੁਗਤਣਾ ਪੈ ਰਿਹਾ ਹੈ। ਉਨਾ ਦੱਸਿਆ ਕਿ ਕਾਲਜਾਂ ਦੀ ਸਕਾਲਰਸ਼ਿਪ ਸਕੀਮ ਵਾਲੀ



ਬਕਾਇਆ ਰਕਮ ਦਿਵਾਉਣ ’ਚ ਮੱਦਦ ਕੀਤੀ ਜਾਵੇ ਅਤੇ ਸਰਕਾਰ ਵਲੋਂ ਨਰਸਿੰਗ ਦੀਆਂ ਸੇਵਾਵਾਂ ਨਿਭਾਅ ਰਹੇ ਕਾਲਜਾਂ ਨੂੰ ਗ੍ਰਾਂਟਾਂ ਵੀ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਕਾਲਜ ਪ੍ਰਬੰਧਕ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ’ਚ ਬਣਦਾ ਯੋਗਦਾਨ ਪਾਉਂਦੇ ਰਹਿਣ। ਮੰਤਰੀ ਓ.ਪੀ. ਸੋਨੀ ਨੇ ਵਿਸ਼ਵਾਸ਼ ਦਿਵਾਇਆ ਕਿ ਸਾਰੇ ਨਰਸਿੰਗ ਕਾਲਜਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕਰਵਾਉਣਗੇ ਅਤੇ ਜਲਦ ਹੀ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਇਕ ਮੀਟਿੰਗ ਵੀ ਕਰਨਗੇ।

# ਸ਼ਹੀਦੀ ਪੁਰਬ ਮਹਿਤਾ ਚੌਂਕ ਵਿਖੇ ਗੁਰਦੁਆਰਾ ਗੁਰ ਦਰਸ਼ਨ ਪ੍ਰਕਾਸ਼ ਵਿਖੇ ਮਨਾਇਆ ਗਿਆ



**ਜੰਡਿਆਲਾ ਗੁਰੂ ( ਕੁਲਵੰਤ ਸਿੰਘ ਵਿਰਦੀ )** ਸ਼ਹੀਦਾਂ ਦੇ ਸਿਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਧਾਰਮਿਕ ਗੁਰਮਤਿ ਸਮਾਗਮ ਹੋ ਰਹੇ ਹਨ ਉਥੇ ਨਾਲ ਹੀ ਗੁਰੂ ਘਰਾਂ ਅਤੇ ਰੋਡਾ ਉਪਰ ਆਉਂਦੇ ਜਾਂਦੇ ਸੰਗਤ ਰੂਪ ਵਿਚ ਰਾਹੀਆਂ ਵਾਸਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਂਦੀਆਂ ਹਨ। ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੀ ਸ਼ਹੀਦੀ ਪੁਰਬ ਨੂੰ ਸਮਰਪਿਤ ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਵਿੱਚ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰ ਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਪ੍ਰੋਫੈਸਰ ਸਰਚਾਂਦ ਸਿੰਘ ਨੇ ਕਿਹਾ ਕਿ ਦੁਨੀਆਂ ਦੇ ਕੋਨੇ ਕੋਨੇ ਵਿਚ ਵਸਦੇ ਗੁਰੂ ਨਾਨਕ ਲੇਵਾ ਪ੍ਰੀਵਾਰਾਂ ਵੱਲੋਂ ਆਪਣੇ ਗੁਰੂ ਸਾਹਿਬਾਨਾਂ ਦੇ ਅਵਤਾਰ ਪੁਰਬ ਅਤੇ ਸ਼ਹੀਦੀ ਗੁਰਪੁਰਬ ਮਨਾ ਕਰ ਕੇ ਗੁਰੂ ਸਾਹਿਬ ਜੀ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਦੇ ਹਨ। ਅੱਗੇ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹੀਦੀ ਸਾਨੂੰ ਸ਼ਾਂਤਮਈ ਸੰਘਰਸ਼ ਕਰਨ ਦੀ ਪ੍ਰੇਰਨਾ ਦਿੰਦੀ ਹੈ, ਕਿਉਂਕਿ ਪੰਚਮ ਪਾਤਸ਼ਾਹ ਜੀ ਨੇ ਸਮੇਂ ਦੀਆਂ ਸਰਕਾਰਾਂ ਨਾਲ ਸ਼ਾਂਤਮਈ ਸੰਘਰਸ਼ ਕਰਕੇ ਆਪਣੀ ਸ਼ਹੀਦੀ ਦੇ ਕੇ ਸਾਨੂੰ ਸ਼ਾਂਤਮਈ ਸੰਘਰਸ਼ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ। ਅੱਗੇ ਉਨ੍ਹਾਂ ਕਿਹਾ ਕਿ ਅੱਜ ਵੀ ਕਿਸਾਨ ਆਪਣੀਆਂ ਹੱਕੀ ਮੰਗਾਂ ਵਾਸਤੇ ਉਸੇ ਹੀ ਜਗ੍ਹਾ ਦਿੱਲੀ ਦੇ ਬਾਡਰਾ ਤੇ 450 ਤੋਂ ਜ਼ਿਆਦਾ ਕਿਸਾਨ ਸ਼ਾਂਤਮਈ ਸੰਘਰਸ਼ ਕਰਦਿਆਂ ਸ਼ਹੀਦੀ ਪ੍ਰਾਪਤ ਕਰ ਗਏ ਹਨ ,ਅੱਜ ਸਮੇਂ ਦੀਆਂ ਸਰਕਾਰਾਂ ਕਿਸਾਨਾਂ ਦੀਆਂ ਸ਼ਹੀਦੀਆਂ ਨੂੰ ਅੱਖੋਂ ਪਰੋਖਾ ਕਰਕੇ ਕਾਰਪੋਰੇਟ ਘਰਾਣਿਆਂ ਦੀ ਜੀ ਹਜ਼ੂਰੀ ਵਿੱਚ ਲੱਗੀਆਂ ਹੋਈਆਂ ਹਨ ਪਰ ਕਿਸਾਨਾਂ ਦਾ ਸ਼ਾਂਤਮਈ ਸੰਘਰਸ਼ ਓਨਾਂ ਚਿਰ ਤਕ ਜਾਰੀ ਰਹੇਗਾ ਜਿੰਨਾ ਚਿਰ ਸਰਕਾਰਾਂ ਵੱਲੋਂ ਲਿਆਂਦੇ ਖੇਤੀ ਬਿੱਲ ਰੱਦ ਨਹੀਂ ਕੀਤੇ ਜਾਂਦੇ ।

# ਖੇਤੀ ਸਬਸਿਡੀ ਖਤਮ ਕਰਨ ਲਈ ਕੇਂਦਰ ਦੀ ਨਵੀਂ ਚਾਲ, ਸੂਬਿਆਂ ਨੂੰ ਭੇਜਿਆ ਸ਼ਰਤਾਂ ਵਾਲਾ ਪੱਤਰ

**ਚੰਡੀਗੜ (ਦੀਪਕ ਸਰਮਾ)** ਕੇਂਦਰ ਸਰਕਾਰ ਵੱਲੋਂ ਹੁਣ ਖੇਤੀ ਸਬਸਿਡੀ ਨੂੰ ਖਤਮ ਕਰਨ ਲਈ ਨਵੀਂ ਚਾਲ ਚੱਲਦਿਆਂ ਸੂਬਿਆਂ ਨੂੰ ਸ਼ਰਤਾਂ ਨਾਲ ਭਰਿਆ ਪੱਤਰ ਜਾਰੀ ਕੀਤਾ ਗਿਆ ਹੈ। ਕੇਂਦਰ ਵੱਲੋਂ ਇਹ ਚਾਲ ਬਿਜਲੀ ਸੋਧ ਬਿੱਲ-2020 ਦਾ ਮੰਤਵ ਪੂਰਾ ਕਰਨ ਲਈ ਚੱਲੀ ਗਈ ਹੈ। ਅਸਲ ‘ਚ ਵਿੱਤ ਮੰਤਰਾਲੇ ਵੱਲੋਂ 9 ਜੂਨ ਨੂੰ ਸੂਬਿਆਂ ਨੂੰ ਇਕ ਪੱਤਰ ਜਾਰੀ ਕੀਤਾ ਗਿਆ ਹੈ। ਇਸ ‘ਚ ਪੇਸ਼ਕਸ਼ ਕੀਤੀ ਗਈ ਹੈ ਕਿ ਜੇਕਰ ਸੂਬੇ ਕੁੱਲ ਰਾਜ ਘਰੇਲੂ ਉਤਪਾਦ ਦਾ 0.50 ਫੀਸਦੀ ਵਾਧੂ ਕਰਜਾ ਲੈਣਾ ਚਾਹੁੰਦੇ ਹਨ ਤਾਂ ਬਿਜਲੀ ਸੈਕਟਰ ‘ਚ ਖੇਤੀ ਸਬਸਿਡੀ ਨੂੰ ਖਤਮ ਕਰਨ ਵਾਲੇ ਕਦਮ ਚੁੱਕਣ। ਕੇਂਦਰ ਵੱਲੋਂ ਇਹ ਫਾਰਮੂਲਾ 4 ਸਾਲਾਂ ਲਈ ਘੜਿਆ ਗਿਆ ਹੈ। ਕੇਂਦਰ ਨੇ ਸਾਫ ਕਿਹਾ ਹੈ ਕਿ ਇਹ ਸ਼ਰਤਾਂ ਮੰਨਣ ਵਾਲੇ ਸੂਬੇ ਨੂੰ ਵਾਧੂ ਕਰਜ ਦੀ ਮਨਜੂਰੀ ਮਿਲੇਗੀ। ਮਿਸਾਲ ਦੇ ਤੌਰ ‘ਤੇ ਖੇਤੀ ਸਬਸਿਡੀ ਨੂੰ ਖਤਮ ਕਰਨ ਦੀ ਸੂਰਤ ‘ਚ 20 ਨੰਬਰ ਮਿਲਣਗੇ ਅਤੇ ਕਿਸਾਨਾਂ ਨੂੰ ਬਿਜਲੀ ਸਬਸਿਡੀ ਦੀ ਸਿੱਧੀ ਅਦਾਇਗੀ ਦੇ ਵੱਖਰੇ ਨੰਬਰ ਰੱਖੇ ਗਏ ਹਨ। ਖੇਤੀ ਮੋਟਰਾਂ ‘ਤੇ ਮੀਟਰ ਲਾਏ ਜਾਣ ਦੀ ਸ਼ਰਤ ਵੀ ਰੱਖੀ ਗਈ ਹੈ। ਸਮੁੱਚੀ ਬਿਜਲੀ ਸਪਲਾਈ ਨੂੰ ਮੀਟਰਡ ਕੀਤੇ ਜਾਣ ਦੀ ਯੋਜਨਾ ਹੈ। ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਅਜੇ ਕੋਈ ਫੈਸਲਾ ਨਹੀਂ ਲਿਆ ਗਿਆ ਹੈ। ਮਾਹਿਰਾਂ ਮੁਤਾਬਕ ਜੇਕਰ ਪੰਜਾਬ ਸਰਕਾਰ ਇਨਾਂ ਸ਼ਰਤਾਂ ਨੂੰ ਮੰਨ ਲੈਂਦੀ ਹੈ ਤਾਂ ਉਹ 3200 ਕਰੋੜ ਰੁਪਏ ਦਾ ਵਾਧੂ ਕਰਜ ਲੈਣ ਦੇ ਯੋਗ ਹੋ ਜਾਵੇਗੀ। ਚੋਣਾਂ ਨੇੜੇ ਆਉਣ ਕਾਰਨ ਫਿਲਹਾਲ ਸੂਬਾ ਸਰਕਾਰ ਕਿਸਾਨਾਂ ਦੀ ਨਾਰਾਜਗੀ ਸਹੇੜਨ ਦੀ ਪਹੁੰਚ ‘ਚ ਨਹੀਂ ਹੈ। ਪੰਜਾਬ ਸਰਕਾਰ ਵੱਲੋਂ ਸੂਬੇ ਦੇ ਖਪਤਕਾਰਾਂ ਨੂੰ ਸਮੇਤ ਖੇਤੀ ਮੋਟਰਾਂ ਸਲਾਨਾ 10,600 ਕਰੋੜ ਦੀ ਬਿਜਲੀ



ਸਬਸਿਡੀ ਦਿੱਤੀ ਜਾਂਦੀ ਹੈ। ਇਹ ਵੀ ਦੱਸਣਯੋਗ ਹੈ ਕਿ ਜਦੋਂ ਤਿੰਨ ਖੇਤੀ ਕਾਨੂੰਨ ਪਾਸ ਕੀਤੇ ਗਏ ਸਨ ਤਾਂ ਉਸ ਸਮੇਂ ਹੀ ਬਿਜਲੀ ਸੋਧ ਬਿੱਲ-2020 ਵੀ ਸੰਸਦ ‘ਚ ਪੇਸ਼ ਕੀਤਾ ਜਾਣਾ ਸੀ ਪਰ ਕਿਸਾਨਾਂ ਦੇ ਵਿਰੋਧ ਕਰਕੇ ਇਹ ਪੇਸ਼ ਨਹੀਂ ਕੀਤਾ ਜਾ ਸਕਿਆ ਸੀ। ਕੇਂਦਰ ਸਰਕਾਰ ਨੇ ਬਿਜਲੀ ਸੋਧ ਬਿੱਲ ਪੇਸ਼ ਨਹੀਂ ਕੀਤਾ ਪਰ ਬਦਲਵੇਂ ਰੂਪ ‘ਚ ਕੇਂਦਰੀ ਵਿੱਤ ਮੰਤਰਾਲੇ ਨੇ ਸੂਬਿਆਂ ਨੂੰ ਇਹ ਸ਼ਰਤਾਂ ਵਾਲਾ ਪੱਤਰ ਜਰੂਰ ਭੇਜ ਦਿੱਤਾ ਹੈ।

# ਨਰੇਸ਼ ਕਟਾਰੀਆ ਨੂੰ ਹਲਕਾ ਨਿਯੁਕਤ ਕਰਨ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ)** ਵਿਧਾਨ ਸਭਾ ਹਲਕਾ ਜ਼ੀਰਾ ਤੋ ਸਾਬਕਾ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਨਰੇਸ਼ ਕਟਾਰੀਆ ਨੂੰ ਹਲਕਾ ਇੰਚਾਰਜ ਲਗਾਉਣ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। । ਇਸੇ ਸਬੰਧ 'ਚ ਬੀਤੀ ਸ਼ਾਮ ਕਸਬਾ ਮੱਲਾਂਵਾਲਾ ਵਿੱਚ ਆਮ ਆਦਮੀ ਪਾਰਟੀ ਦੇ ਸਮੂਹ ਵਰਕਰਾਂ ਵੱਲੋਂ ਇੱਕ ਸਾਦਾ ਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿੱਥੇ ਆਮ ਆਦਮੀ ਪਾਰਟੀ ਦੇ ਵਰਕਰਾਂ ਵਲੋਂ ਸ਼੍ਰੀ ਨਰੇਸ਼ ਕਟਾਰੀਆ ਨੂੰ ਹਲਕਾ ਇੰਚਾਰਜ ਨਿਯੁਕਤ ਕਰਨ ਦੀ ਖੁਸ਼ੀ 'ਚ ਲੱਡੂ ਵੰਡੇ । ਇਸ ਮੌਕੇ ਨਰੇਸ਼ ਕਟਾਰੀਆ ਨੇ ਕਿਹਾ ਕਿ ਮੈਂ ਧੰਨਵਾਦੀ ਹਾਂ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈਕਮਾਂਡ ਅਤੇ ਸਮੁੱਚੀ ਪੰਜਾਬ ਇਕਾਈ ਦਾ ਜਿਨ੍ਹਾਂ ਨੇ ਮੈਨੂੰ ਹਲਕਾ ਜ਼ੀਰਾ ਤੋਂ ਹਲਕਾ ਇੰਚਾਰਜ ਦੇ ਰੂਪ ਵਿੱਚ ਜ਼ਿੰਮੇਵਾਰੀ ਸੌਂਪੀ ਹੈ। ਮੈਂ ਪੂਰੀ ਤਨਦੇਹੀ ਨਾਲ ਇਸ ਜ਼ਿੰਮੇਵਾਰੀ ਨੂੰ ਨਿਭਾਵਾਂਗਾ ਅਤੇ ਆਉਂਦੀਆਂ 2022 ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੀ ਜਿੱਤ ਯਕੀਨੀ ਬਣਾਉਣ ਲਈ ਦਿਨ ਰਾਤ ਇਕ ਕਰ ਦਿਆਂਗਾ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਰਵਾਇਤੀ ਪਾਰਟੀਆਂ ਦੇ ਵਿਹਾਰ ਤੋਂ ਤੰਗ ਆ ਕੇ ਲੋਕਾਂ ਦਾ ਇਰਾਦਾ ਸਿਰਫ਼ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇਖਣ ਦਾ ਹੈ,ਕਿਉਂਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੀ ਜਨਤਾ ਮਹਿੰਗੀ ਬਿਜਲੀ ਮਹਿੰਗੇ ਡਾਕਟਰੀ ਇਲਾਜ ਅਤੇ ਮਹਿੰਗੀ ਪੜ੍ਹਾਈ ਤੋਂ ਪਰੇਸ਼ਾਨ ਹੈ ਅੱਜ ਦੇ ਹਾਲਾਤ ਵਿਚ ਲੋਕ ਸਹੂਲਤਾਂ ਚਾਹੁੰਦੇ ਹਨ,ਸਿਰਫ਼ ਗਲੀਆਂ -ਨਾਲੀਆਂ ਤੋਂ ਇਲਾਵਾ ਪੰਜਾਬ ਦੀ ਜਨਤਾ ਪਿਛਲੇ ਲੰਮੇ ਅਰਸੇ ਤੋਂ ਇਸ ਆਸ ਦੀ ਕਿਰਨ ਦੀ ਬੇਸਬਰੀ ਨਾਲ ਉਡੀਕ ਕਰ ਰਹੀ ਹੈ ਅਤੇ ਇਹੀ ਸੋਚ ਰਹੀ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਤੇ ਸਾਨੂੰ ਵੀ ਦਿੱਲੀ ਵਾਲੀਆਂ ਸਹੂਲਤਾਂ ਮਿਲ ਸਕਣ । ਜ਼ਿਕਰਯੋਗ ਹੈ ਕਿ ਨਰੇਸ਼ ਕਟਾਰੀਆ ਨੇ 2007 ਦੀਆਂ ਵਿਧਾਨ ਸਭਾ ਚੋਣਾਂ 'ਚ ਅਕਾਲੀ ਦਲ ਦੇ ਜਥੇਦਾਰ ਹਰੀ ਸਿੰਘ ਜ਼ੀਰਾ ਨੂੰ ਵੱਡੇ ਫ਼ਰਕ ਨਾਲ ਹਰਾ ਕੇ ਪੰਜਾਬ ਦੀ ਸਿਆਸਤ 'ਚ ਤਹਿਲਕਾ ਮਚਾ ਦਿੱਤਾ ਸੀ ਕਿਉਂਕਿ ਨਰੇਸ਼ ਕਟਾਰੀਆ ਦੀ ਛਵੀ ਇੱਕ ਈਮਾਨਦਾਰੀ ਅਤੇ ਸ਼ਰੀਫ ਨੇਤਾ



ਨਰੇਸ਼ ਕਟਾਰੀਆ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ, ਪਾਰਟੀ ਵਰਕਰ।

ਦੇ ਵਜੋਂ ਜਾਣੀ ਜਾਂਦੀ ਹੈ ਅਤੇ ਉਹ ਆਮ ਆਦਮੀ ਪਾਰਟੀ ਵੱਲੋਂ ਜ਼ੀਰਾ ਵਿਧਾਨ ਸਭਾ ਹਲਕੇ ਤੋਂ ਟਿਕਟ ਦੇ ਪ੍ਰਬਲ ਦਾਅਵੇਦਾਰ ਮੰਨੇ ਜਾਂਦੇ ਵੀ ਹਨ ਇਸ ਮੌਕੇ ਸੁਖਦੇਵ ਸਿੰਘ ਫੌਜੀ ਬਲਾਕ ਪ੍ਰਧਾਨ ਮੱਲਾਂਵਾਲਾ ਕਮਲਜੀਤ ਭੁੱਲਰ ਫੱਤੇਵਾਲਾ ਜਿਲਾ ਪ੍ਰਧਾਨ ਕਿਸਾਨ ਵਿੰਗ ਫ਼ਿਰੋਜ਼ਪੁਰ,ਚਾਨਣ ਸਿੰਘ ਫੌਜੀ , ਦਰਸ਼ਨ ਦਾਤੀ, ਕਰਨਦੀਪ ਪੱਖੋਕੇ, ਗੁਰਦੀਪ ਚਾਹਲ, ਜੋਗਿੰਦਰ ਪ੍ਰਧਾਨ, ਜੋਗਿੰਦਰ ਗੋਪੀ ,ਸ਼ਮਸ਼ੇਰ ਸਿੰਘ ,ਮਦਨ ,ਰੂਪਾ ਰਾਣੀ,ਚਰਨਜੀਤ ਕੌਰ ,ਰਮੇਸ਼ ਕਟਾਰੀਆ, ਅਜੇ ਕਟਾਰੀਆ, ਵਿਜੇ ਬਜਾਜ ਆਦਿ ਵਰਕਰ ਹਾਜ਼ਰ ਸਨ।

# 9.4 ਲੱਖ ਰੁਪਏ ਦੀ ਡਰੱਗ ਮਨੀ, ਹੈਰੋਈਨ ਅਤੇ ਨਜਾਇਜ਼ ਸ਼ਰਾਬ ਬਰਾਮਦ,39 ਗ੍ਰਿਫਤਾਰ

**ਹੁਸ਼ਿਆਰਪੁਰ (ਜਸਵੀਰ ਸਿੰਘ ਪੁਰੇਵਾਲ)** ਸੂਬੇ ਭਰ ਵਿੱਚ ਨਸ਼ੇ ਅਤੇ ਨਜ਼ਾਇਜ਼ ਸ਼ਰਾਬ ਦੇ ਖਿਲਾਫ ਮੁਹਿੰਮ ਤਹਿਤ ਹੁਸ਼ਿਆਰਪੁਰ ਪੁਲਿਸ ਨੇ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ’ਤੇ ਨਕੇਲ ਕੱਸਣ ਦੇ ਲਈ ਜ਼ਿਲ੍ਹੇ ਭਰ ਵਿੱਚ ਕੋਰਡਨ ਐਂਡ ਸਰਚ ਅਪ੍ਰੇਸ਼ਨ (ਸੀ.ਏ.ਐਸ.ਓ) ਚਲਾਇਆ। ਵੱਖ-ਵੱਖ ਇਲਾਕਿਆਂ ਵਿੱਚ ਕੀਤੀ ਗਈ ਤਲਾਸ਼ੀ ਤਹਿਤ ਪੁਲਿਸ ਟੀਮਾਂ ਨੇ ਆਰੋਪੀਆਂ ਤੋਂ ਨਜ਼ਾਇਜ਼ ਸ਼ਰਾਬ, ਹੈਰੋਈਨ, ਨਸ਼ੀਲਾ ਪਾਊਡਰ ਅਤੇ 9.4 ਲੱਖ ਰੁਪਏ ਦੀ ਡਰੱਗ ਮਨਹੀ ਬਰਾਮਦ ਕੀਤੀ। ਇਸ ਮੁਹਿੰਮ ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰ ਰਹੇ ਐਸ.ਐਸ.ਪੀ ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਗੜ੍ਹਸ਼ੰਕਰ ਦੇ ਪਿੰਡ ਚੱਕ ਰੌਟਾ, ਸਦੂਹਾ ਦੇ ਪਿੰਡ ਹਾਰਟਾ, ਜਲੋਟਾ, ਤਲਵਾੜਾ ਦੇ ਪਿੰਡ ਸੰਦਪੁਰ ਅਤੇ ਹਾਜੀਪੁਰ ਦੇ ਪਿੰਡ ਘਸੀਟਪੁਰ ਤੁਰਾਂ ਵਿੱਚ ਮੁਹਿੰਮ ਚਲਾਈ ਗਈ। ਇਸੇ ਤਰ੍ਹਾਂ ਸ਼ਹਿਰੀ ਖੇਤਰਾਂ ਵਿੱਚ ਵੀ ਹੋਟਸਪਾਟ ਦੀ ਪਹਿਚਾਣ ਕੀਤੀ ਗਈ ਅਤੇ ਹੁਸ਼ਿਆਰਪੁਰ ਦੇ ਵਾਲਮੀਕ ਮੁਹੱਲਾ ਅਤੇ ਟਾਂਡਾ ਦੇ ਚੰਡੀਗੜ੍ਹ ਕਲੋਨੀ ਵਿੱਚ ਸੀ.ਏ.ਐਸ.ਓ ਮੁਹਿੰਮ ਚਲਾਈ ਗਈ। ਮਾਹਲ ਨੇ ਦੱਸਿਆ ਕਿ ਕਾਰਵਾਈ ਦੌਰਾਨ 39 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਜਦਕਿ 8 ਮਾਮਲੇ ਐਨ.ਡੀ.ਪੀ.ਐਸ ਅਤੇ ਆਬਕਾਰੀ ਐਕਟ ਤਹਿਤ ਦਰਜ ਕੀਤੇ ਗਏ। ਉਨ੍ਹਾਂ ਦੱਸਿਆ ਕਿ ਕਾਰਵਾਈ ਦੌਰਾਨ ਪੁਲਿਸ ਟੀਮਾਂ ਨੇ 2,07,00 ਮਿਲੀਲੀਟਰ ਨਜ਼ਾਇਜ਼ ਸ਼ਰਾਬ, 185 ਗ੍ਰਾਮ ਹੈਰੋਈਨ, 286 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕੀਤਾ। ਮੁਲਜ਼ਮਾਂ ਤੋਂ 9.4 ਲੱਖ ਰੁਪਏ ਦੀ ਡਰੱਗ ਮਨੀ, 2 ਐਕਸ.ਯੂ.ਵੀ, ਇਕ ਆਈ-20, ਇਕ ਹੌਂਡਾ ਸਿਟੀ ਸਹਿਤ ਚਾਰ ਵਾਹਨ ਬਰਾਮਦ ਕੀਤੇ ਗਏ।

ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੀ ਅਚਨਚੇਤ ਮੁਹਿੰਮ ਜਾਰੀ ਰਹੇਗੀ ਤਾਂ ਜੋ ਨਜ਼ਾਇਜ ਡਰੱਗ ਅਤੇ ਸ਼ਰਾਬ ਦੇ ਖਤਰੇ



ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਆਸ-ਪਾਸ ਇਸ ਤਰ੍ਹਾਂ ਦੀਆਂ ਗਲਤ ਗਤੀਵਿਧੀਆਂ ਦੇ ਬਾਰੇ ਵਿੱਚ ਪੁਲਿਸ ਨੂੰ ਸੂਚਿਤ ਕਰਨ ਦੇ ਲਈ ਅੱਗੇ ਆਉਣ ਤਾਂ ਜੋ ਪੁਲਿਸ ਇਸ ਤਰ੍ਹਾਂ ਦੇ ਸਮਾਜ ਵਿਰੋਧੀ ਤਸਕਰਾਂ ਦੇ ਖਿਲਾਫ ਤੁਰੰਤ ਕਾਰਵਾਈ ਕਰ ਸਕੇ।

ਪੁਲਿਸ ਵਲੋਂ ਗ੍ਰਿਫਤਾਰ ਕੀਤੇ ਗਏ ਆਰੋਪੀਆਂ ਦੀ ਪਹਿਚਾਣ ਨਰਿੰਦਰ ਕੁਮਾਰ ਉਰਫ ਨਿੰਦਰ ਵਾਸੀ ਚੱਕ ਰੌਟਾ, ਵਿਕਾਸ ਉਰਫ ਵਿੱਕੀ ਵਾਸੀ ਬੀਨੇਵਾਲ ਗੜ੍ਹਸ਼ੰਕਰ, ਬਲਜਿੰਦਰ ਸਿੰਘ ਵਾਸੀ ਚੱਬੇਵਾਲ, ਸੌਰਵ ਕੁਮਾਰ ਅਤੇ ਵਿਕਰਮ ਉਰਫ ਵਿੱਕੀ ਦੋਵੇਂ ਵਾਸੀ ਵਾਲਮੀਕ ਮੁਹੱਲਾ ਹੁਸ਼ਿਆਰਪੁਰ ਦੇ ਤੌਰ ’ਤੇ ਹੋਈ ਹੈ।

# ਆਮ ਆਦਮੀ ਪਾਰਟੀ ਦੇ ਉਮੀਦਵਾਰ ਜੀ,ਐਸ ਮੁਲਤਾਨੀ ਨੇ ਪਿੰਡ ਸਹੋੜਾ ਡਡਿਆਲ ਦੇ ਵਾਸੀਆਂ ਨਾਲ ਕੀਤੀ ਮੀਟਿੰਗ

**ਮੁਕੇਰੀਆਂ/ਹਾਜੀਪੁਰ (ਜਸਵੀਰ ਪੁਰੇਵਾਲ)** ਚੋਣਾਂ ਦੇ ਨਜ਼ਦੀਕ ਆਉਣ ਤੇ ਵੱਖ-ਵੱਖ ਸਿਆਸੀ ਪਾਰਟੀਆਂ ਨੇ ਪਿੰਡਾਂ ਵਿੱਚ ਗੇੜੇ ਮਾਰਨ ਸ਼ੁਰੂ ਕਰ ਦਿੱਤੇ ਹਨ। ਇਸੇ ਦੇ ਚਲਦਿਆਂ ਅੱਜ ਹਾਜੀਪੁਰ ਬਲਾਕ ਦੇ ਅੰਦਰ ਪੈਂਦੇ ਪਿੰਡ ਸਹੋੜਾ ਡਡਿਆਲ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਧਿਆਨ ਸਿੰਘ ਮੁਲਤਾਨੀ ਵੱਲੋਂ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਨੂੰ ਇਸ ਵਾਰ ਮੌਕਾ ਦੇਣ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਅਤੇ ਅਕਾਲੀ ਬੀਜੇਪੀ ਪਾਰਟੀ ਨੇ ਹਮੇਸ਼ਾਂ ਹੀ ਦੇਸ਼ ਨੂੰ ਲੁੱਟਿਆ ਹੈ ਜਿਸ ਦੇ ਨਤੀਜੇ ਸਾਹਮਣੇ ਆ ਰਹੇ ਹਨ। ਹਰ ਚੀਜ਼ ਦੇ ਭਾਅ ਅਸਮਾਨੀ ਚੜ੍ਹੇ ਹੋਏ ਹਨ, ਚਾਹੇ ਉਹ ਖਾਣ-ਪੀਣ ਵਾਲੀ ਜਾਂ ਰੋਜ਼ ਵਰਤੋਂ ਵਾਲੀ ਹੋਵੇ ਬਿਜਲੀ ਪਾਣੀ ਗੈਸ ਡੀਜ਼ਲ ਪੈਟਰੋਲ ਦੀਆਂ ਕੀਮਤਾਂ ਨੇ ਲੋਕਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਲੋਕ ਵੀ ਹੁਣ ਇਨ੍ਹਾਂ ਪਾਰਟੀਆਂ ਤੋਂ ਤੰਗ ਹਨ ਅਤੇ ਬਦਲਾਅ ਚੁੰਹਦੇਂ ਹਨ। ਸਰਦਾਰ ਜੀ ਐਸ ਮੁਲਤਾਨੀ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੇ ਪੰਜਾਬ ਵਿੱਚ ਦਿੱਲੀ ਜਿਹੀਆਂ ਸਹੂਲਤਾਂ ਮੁਹੱਈਆ ਕਰਵਾਉਣਗੇ ਜਿਵੇਂ ਦਿੱਲੀ ਵਿੱਚ ਬਿਜਲੀ, ਪਾਣੀ, ਫ੍ਰੀ ਮੈਡੀਕਲ ਦੀ ਸਹੂਲਤ, ਬੀਮਾ ਯੋਜਨਾ, ਵਧੀਆ ਸਰਕਾਰੀ ਸਕੂਲ, ਵਧੀਆ ਹਸਪਤਾਲ, ਜ਼ਿਆਦਾ ਬੁਢਾਪਾ ਪੈਨਸ਼ਨ, ਸ਼ਗਨ ਸਕੀਮ, ਆਦਿ ਵਰਗੀਆਂ ਸਹੂਲਤਾਂ ਮਿਲਣਗੀਆਂ। ਉਨ੍ਹਾਂ ਕਿਹਾ ਸਭ ਤੋਂ ਵੱਡਾ ਕਹੋੜ ਜੋ ਪੰਜਾਬ ਵਿੱਚ ਹੈ ਉਹ ਹੈ ਰਿਸ਼ਵਤ ਅਤੇ ਨਸ਼ਿਆਂ ਦਾ ਕਾਰੋਬਾਰ ਜੋ ਸਮੇਂ ਦੀਆਂ ਸਰਕਾਰਾਂ ਆਪ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਇਨ੍ਹਾਂ ਪਾਰਟੀਆਂ ਨੇ ਦੇਸ਼ ਦਾ ਨਹੀਂ ਸਗੋਂ ਆਪਣੇ ਘਰ ਭਰਣ ਦਾ ਖਿਆਲ ਕੀਤਾ ਅਤੇ ਇਸ ਲਈ ਅਮੀਰ ਬੰਦਾ ਹੋਰ ਅਮੀਰ ਅਤੇ ਗਰੀਬ ਹੋਰ ਗਰੀਬ ਹੋ ਗਿਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਪੰਜਾਬ ਨੂੰ ਬਚਾਉਣਾ ਹੈ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਲੈਕੇ ਆਉ ਤਾਂ ਜੋ ਇਸ ਤਰ੍ਹਾਂ ਦੇ ਲੀਡਰਾਂ ਤੋਂ ਪਿੱਛਾ ਛੁਡਾ ਸਕੀਏ ਅਤੇ ਪੰਜਾਬ ਨੂੰ ਮੁੜ ਤੋਂ ਖੁਸ਼ਹਾਲ ਬਣਾ ਸਕੀਏ। ਇਸ ਦੌਰਾਨ ਉਨ੍ਹਾਂ ਨਾਲ਼ ਕਿਸ਼ਨ ਗੋਪਾਲ, ਪੰਜਾਬ ਸਿੰਘ, ਪ੍ਰਦੀਪ ਕੁਮਾਰ, ਰਵਿੰਦਰ ਕੁਮਾਰ, ਨਰੇਸ਼ ਕੁਮਾਰ, ਦਿਲਬਾਗ ਸਿੰਘ, ਪ੍ਰਵੀਨ ਕੁਮਾਰ, ਗ਼ਰੀਬ ਦਾਸ, ਸਰਵਣ ਸਿੰਘ, ਮਨੀ, ਲੰਬੜਦਾਰ ਸ਼ਸ਼ੀ ਪਾਲ, ਬਲਵਿੰਦਰ ਸਿੰਘ ਅਤੇ ਸਮੂਹ ਪਿੰਡ ਵਾਸੀ ਭਾਰੀ ਤਦਾਦ ਵਿੱਚ ਹਾਜ਼ਰਿ ਸਨ।